ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 25 ਜਨਵਰੀ 2025

Email:- lokbani08@gmail.com

R. N. I. Punpun/29016/2008 ✶ ਸਾਲ 16 , ✶ ਅੰਕ : 224, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

## ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

**ਅਮਨਦੀਪ ਮਹਿਰਾ**

ਰੋਜ਼ਾਨਾ ਲੋਕ ਬਾਣੀ

www.lokbani.com








## ਉਤਰੀ ਲਾਸ ਏਂਜਲਸ ਵਿਚ 50 ਹਜ਼ਾਰ ਲੋਕਾਂ ਨੂੰ ਇਲਾਕਾ ਖ਼ਾਲੀ ਕਰਨ ਦੇ ਦਿੱਤੇ ਗਏ ਹੁਕਮ

ਕਾਸਟੇਕ ਲੋਕ ਬਾਣੀ- ਅਮਰੀਕਾ ਦੇ ਲਾਸ ਏਂਜਲਸ ਦੇ ਉੱਤਰੀ ਪਹਾੜੀ ਇਲਾਕੇ 'ਚ ਲੱਗੀ ਭਿਆਨਕ ਤੇ ਤੇਜ਼ੀ ਨਾਲ ਫੈਲ ਰਹੀ ਅੱਗ ਕਾਰਨ ਉਥੇ ਰਹਿੰਦੇ 50 ਹਜ਼ਾਰ ਤੋਂ ਵੱਧ ਲੋਕਾਂ ਨੂੰ ਜਗ੍ਹਾ ਖਾਲੀ ਕਰਨ ਦੇ ਹੁਕਮ ਜਾਂ ਚਿਤਾਵਨੀ ਜਾਰੀ ਕੀਤੀ ਗਈ ਹੈ। ਦੂਜੇ ਪਾਸੇ ਦੱਖਣੀ ਕੈਲੀਫੋਰਨੀਆ 'ਚ ਤੇਜ਼ ਹਵਾਵਾਂ ਦੋ ਥਾਵਾਂ 'ਤੇ ਪਹਿਲਾਂ ਭੜਕੀ ਅੱਗ ਹਾਲੇ ਤੱਕ ਬੁਝਾਈ ਨਹੀਂ ਜਾ ਸਕੀ।

ਲਾਸ ਏਂਜਲਸ ਕਾਊਂਟੀ ਦੇ ਫਾਇਰ ਬ੍ਰਿਗੇਡ



ਮੁਖੀ ਐਂਥਨੀ ਮਾਰਰੋਨੇ ਨੇ ਬੁੱਧਵਾਰ ਸ਼ਾਮ ਨੂੰ ਕਿਹਾ, "ਅੱਜ ਦੀ ਸਥਿਤੀ ਪਿਛਲੇ 16 ਦਿਨਾਂ ਤੋਂ ਬਹੁਤ ਵੱਖਰੀ ਹੈ।" ਉਨ੍ਹਾਂ ਕਿਹਾ ਕਿ ਹਾਲਾਂਕਿ ਅੱਗ 'ਤੇ ਕਾਬੂ ਪਾਉਣਾ ਮੁਸ਼ਕਲ ਹੈ ਪਰ ਫਾਇਰ ਬ੍ਰਿਗੇਡ ਅਮਲਾ ਅੱਗ ਬੁਝਾਉਣ 'ਚ ਕਾਮਯਾਬ ਹੋ ਰਿਹਾ ਹੈ।

## ਪਾਕਿਸਤਾਨ ਦੀ ਜੇਲ੍ਹ ਵਿੱਚ ਭਾਰਤ ਦੇ ਮਛੇਰੇ ਦੀ ਹੋਈ ਮੌਤ


ਦਿੱਲੀ, ਲੋਕ ਬਾਣੀ--ਇਕ ਭਾਰਤੀ ਮਛੇਰਾ, ਜੋ ਆਪਣੀ ਸਜ਼ਾ ਪੂਰੀ ਕਰਨ ਤੋਂ ਬਾਅਦ ਵੀ ਕਰਾਚੀ ਜੇਲ੍ਹ ਵਿਚ ਬੰਦ ਸੀ, ਦੀ ਮੌਤ ਹੋ ਗਈ ਹੈ। ਅਧਿਕਾਰਤ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮਛੇਰੇ ਦੀ ਪਛਾਣ ਬਾਬੂ ਵਜੋਂ ਹੋਈ ਹੈ । ਸੂਤਰਾਂ ਨੇ ਦੱਸਿਆ ਕਿ ਉਹ ਪਿਛਲੇ ਦੋ ਸਾਲਾਂ ਵਿਚ ਪਾਕਿਸਤਾਨ ਵਿਚ ਆਪਣੀ



ਜਾਨ ਗੁਆਉਣ ਵਾਲਾ ਅੱਠਵਾਂ ਭਾਰਤੀ ਮਛੇਰਾ ਹੈ।

## ਰੇਲਵੇ ਲਾਈਨ ਪਾਰ ਕਰਦੀ ਲੜਕੀ ਦੀ ਹੋਈ ਮੌਤ

ਪਾਲਘਰ, ਲੋਕ ਬਾਣੀ- -ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਮਹਾਰਾਸ਼ਟਰ ਦੇ ਪਾਲਘਰ ਜ਼ਿਲ੍ਹੇ ਵਿੱਚ ਇੱਕ 16 ਸਾਲਾ ਲੜਕੀ ਦੀ ਉਦੋਂ ਐਕਸਪ੍ਰੈਸ ਰੇਲ ਗੱਡੀ ਹੇਠ ਆ ਕੇ ਮੌਤ ਹੋ ਗਈ ਜਦੋਂ ਉਹ ਕੰਨਾਂ 'ਚ ਈਅਰਫੋਨ ਲਗਾ ਕੇ ਰੇਲਵੇ ਲਾਈਨ ਪਾਰ ਕਰ ਰਹੀ ਸੀ। ਇਹ ਘਟਨਾ ਵੀਰਵਾਰ ਬਾਅਦ ਦੁਪਹਿਰ 1.10 ਵਜੇ ਸਾਫਲੇ ਅਤੇ ਕੇਲਵੇ ਰੋਡ ਰੇਲਵੇ ਸਟੇਸ਼ਨਾਂ ਵਿਚਕਾਰ ਵਾਪਰੀ। ਮ੍ਰਿਤਕਾ ਦੀ ਪਛਾਣ ਵੈਸ਼ਨਵੀ



ਰਾਵਲ ਵਜੋਂ ਹੋਈ ਹੈ, ਜੋ ਇਸ ਜ਼ਿਲ੍ਹੇ ਦੇ ਪਿੰਡ ਮਕਨੇ ਦੀ ਰਹਿਣ ਵਾਲੀ ਸੀ। ਉਹ ਜਦੋਂ earphones ਲਗਾਈਂ ਰੇਲ ਪਟੜੀ ਪਾਰ ਕਰ ਰਹੀ ਸੀ

## ਨੇਪਾਲ ਨੇ ਸਭ ਤੋਂ ਉਚੀ ਚੋਟੀ ਮਾਊਂਟ ਐਵਰੈਸਟ ਤੇ ਚੜ੍ਹਨ ਦੀ ਫੀਸ ਵਿਚ ਕੀਤਾ ਵਾਧਾ

ਕਾਠਮੰਡੂ, ਲੋਕ ਬਾਣੀ- ਨੇਪਾਲ ਨੇ ਮਾਊਂਟ ਐਵਰੈਸਟ 'ਤੇ ਚੜ੍ਹਨ ਲਈ ਪਰਮਿਟ ਫੀਸ ਵਿੱਚ 36 ਫੀਸਦ ਦਾ ਭਾਰੀ ਵਾਧਾ ਕੀਤਾ ਹੈ ਅਤੇ ਦੁਨੀਆ ਦੀ ਸਭ ਤੋਂ ਉੱਚੀ ਚੋਟੀ 'ਤੇ ਕੂੜਾ ਫੈਲਾਉਣ ਤੋਂ ਰੋਕਣ ਲਈ ਕਈ ਹੋਰ ਕਦਮ ਉਠਾਏ ਹਨ। ਇਹ ਜਾਣਕਾਰੀ ਅਧਿਕਾਰੀਆਂ ਨੇ ਦਿੱਤੀ। ਸੋਧੇ ਹੋਏ ਪਰਬਤਾਰੋਹੀ ਨੇਮਾਂ ਤਹਿਤ ਬਸੰਤ ਰੁੱਤ (ਮਾਰਚ-ਮਈ) ਵਿੱਚ ਆਮ ਦੱਖਣੀ ਮਾਰਗ ਤੋਂ ਐਵਰੈਸਟ 'ਤੇ ਚੜ੍ਹਨ ਵਾਲੇ ਵਿਦੇਸ਼ੀਆਂ



ਲਈ ਪਰਮਿਟ ਫੀਸ ਮੌਜੂਦਾ 11,000 ਅਮਰੀਕੀ ਡਾਲਰ ਪ੍ਰਤੀ ਵਿਅਕਤੀ ਤੋਂ ਵਧਾ ਕੇ 15,000 ਅਮਰੀਕੀ ਡਾਲਰ ਕਰ ਦਿੱਤੀ ਗਈ ਹੈ।

## ਭਿਆਨਕ ਸੜਕ ਹਾਦਸੇ ਵਿੱਚ 10 ਸਾਲਾਂ ਲੜਕੀ ਦੀ ਹੋਈ ਮੌਤ

ਕੋਟਕਪੂਰਾ, ਲੋਕ ਬਾਣੀ-ਫਰੀਦਕੋਟ ਜ਼ਿਲ੍ਹੇ ਦੇ ਪਿੰਡ ਹਰੀਨੋ ਨਜ਼ਦੀਕ ਇੱਕ ਅਣਪਛਾਤੀ ਗੱਡੀ ਨਾਲ ਹੋਏ ਹਾਦਸੇ ਕਰਨ ਇਕ 10 ਸਾਲਾ ਲੜਕੀ ਦੀ ਮੌਤ ਹੋ ਗਈ ਹੈ। ਇਸ ਹਾਦਸੇ ਵਿੱਚ ਲੜਕੀ ਦਾ ਪਿਤਾ ਵੀ ਜ਼ਖਮੀ ਹੋ ਗਿਆ ਜਿਸਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਕੋਟਕਪੂਰਾ ਪੁਲੀਸ ਨੇ ਇਸ ਮਾਮਲੇ ਵਿੱਚ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਪਿੰਡ ਕੋਹਾਰਵਾਲਾ ਦਾ ਰਾਮ ਸਿੰਘ ਆਪਣੀ 10




ਸਾਲਾ ਬੇਟੀ ਗਗਨਦੀਪ ਕੌਰ ਨਾਲ ਪਿੰਡ ਹਰੀਨੌਂ ਵੱਲ ਨੂੰ ਜਾ ਰਿਹਾ ਸੀ। ਰਸਤੇ ਵਿੱਚ ਉਸ ਨੂੰ ਇੱਕ ਅਣਪਛਾਤੀ ਕਾਰ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਲੜਕੀ ਦੀ ਮੌਕੇ 'ਤੇ ਹੀ ਮੌਤ ਹੋ ਗਈ।

## ਪੰਜਾਬ ਵਿੱਚ ਫੇਰ ਚੱਲੀਂ ਗੋਲੀ ਇਕ ਨੋਜਵਾਨ ਜ਼ਖ਼ਮੀ


ਅੰਮ੍ਰਿਤਸਰ, ਲੋਕ ਬਾਣੀ-ਪੈਸਿਆਂ ਦੇ ਲੈਣ ਦੇਣ ਦੇ ਮਾਮਲੇ ਨੂੰ ਲੈ ਕੇ ਦੇਰ ਸ਼ਾਮ ਅਜਨਾਲਾ ਦੇ ਡੇਰਾ ਬਾਬਾ ਨਾਨਕ ਰੋਡ ਤੇ ਸਥਿਤ ਅੰਅੰਮ੍ਰਿਤ ਕਲਾਥ ਹਾਊਸ ਤੇ ਕੁਝ ਵਿਅਕਤੀਆਂ ਵਲੋਂ ਗੋਲੀਆਂ ਚਲਾ ਦਿੱਤੀਆਂ, ਜਿਸ ਕਾਰਨ ਇਕ ਵਿਅਕਤੀ ਜ਼ਖ਼ਮੀ ਹੋ ਗਿਆ ਹੈ 9 ਡੀ.ਐਸ.ਪੀ. ਅਜਨਾਲਾ ਗੁਰਵਿੰਦਰ ਸਿੰਘ ਔਲਖ ਅਤੇ ਐਸ.ਐਚ.ਓ. ਅਜਨਾਲਾ ਸਬ-



ਇੰਸਪੈਕਟਰ ਸਤਨਾਮ ਸਿੰਘ ਸਮੇਤ ਭਾਰੀ ਪੁਲਿਸ ਫੋਰਸ ਮੌਕੇ ਤੇ ਪਹੁੰਚੇ ਹੋਏ ਹਨ , ਜਿੰਨਾਂ ਵਲੋਂ ਸਾਰੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਜਲੰਧਰ ਸਿਵਲ ਸਰਜਨ ਦਫ਼ਤਰ ਦੇ ਕਰਮਚਾਰੀਆਂ ਦੀ ਮਨਮਾਨੀ

ਜਲੰਧਰ, ਲੋਕ ਬਾਣੀ --ਸਰਕਾਰੀ ਕਰਮਚਾਰੀਆਂ ਦੀ ਮਨਮਾਨੀ ਦੀ ਤਾਜ਼ਾ ਮਿਸਾਲ ਜਲੰਧਰ ਚ ਸਾਹਮਣੇ ਆਈ ਜਿਥੇ ਸਿਵਲ ਸਰਜਨ ਦਫ਼ਤਰ ਦੇ ਫੂਡ ਸੇਫਟੀ ਵਿੰਗ ਦੀ ਸ਼ੱਕੀ ਅਤੇ ਘਟੀਆ ਕਾਰਜਪ੍ਰਣਾਲੀ ਦਾ ਵੀ ਇਸ ਲਈ ਕੋਈ ਜਵਾਬ ਨਹੀਂ ਕਿਉਂਕਿ ਇਸ ਵਿੰਗ ਦੇ ਅਧਿਕਾਰੀ ਸੈਂਪਲ ਭਰਨ ਦੀ ਕਾਰਵਾਈ ਕਰਨ ਸਬੰਧੀ ਮੀਡੀਆ ਨੂੰ ਜਾਣਕਾਰੀ ਆਪਣੀ ਮਰਜ਼ੀ ਨਾਲ ਹੀ ਦਿੰਦੇ ਹਨ। ਜ਼ਿਕਰਯੋਗ ਹੈ ਕਿ ਮਿਲਾਵਟੀ ਅਤੇ ਘਟੀਆ ਕਿਸਮ ਦੇ ਖੁਰਾਕ ਪਦਾਰਥਾਂ ਦੀ ਵਿਕਰੀ 'ਤੇ ਰੋਕ ਲਾਉਣ ਲਈ ਸਰਕਾਰ




ਨੇ ਹਰ ਜ਼ਿਲ੍ਹੇ ਵਿਚ ਇਕ ਫੂਡ ਸੇਫਟੀ ਵਿੰਗ ਸਥਾਪਤ ਕੀਤਾ ਹੋਇਆ ਹੈ ਅਤੇ ਇਸ ਵਿੰਗ ਦੀ ਜ਼ਿੰਮੇਵਾਰੀ ਸਮੇਂ-ਸਮੇਂ 'ਤੇ ਸਬੰਧਤ ਜ਼ਿਲ੍ਹੇ ਵਿਚੋਂ ਖ਼ੁਰਾਕ ਪਦਾਰਥਾਂ ਦਾ ਸੈਂਪਲ ਭਰਨ ਦੀ ਹੁੰਦੀ ਹੈ।

## ਆਪ ਸਰਕਾਰ ਵਿਚ ਸਕੂਲਾਂ ਦਾ ਹਾਲ

ਲੁਧਿਆਣਾ, ਸੁਖਚੈਨ ਮਹਿਰਾ-ਇੱਥੋਂ ਦੇ ਜਵਾਹਰ ਨਗਰ ਸਥਿਤ ਲੜਕਿਆਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਸਕੂਲ ਆਫ ਐਮੀਨੈਂਸ) ਦੇ ਵਿਦਿਆਰਥੀਆਂ ਨੂੰ ਬੋਰਡ ਦੀਆਂ ਪ੍ਰੀਖਿਆਵਾਂ ਤੋਂ ਕੁਝ ਦਿਨ ਪਹਿਲਾਂ ਕਲਾਸਾਂ ਵਿੱਚ ਜਾਣ ਦੀ ਬਜਾਏ ਰੇਤ ਦੇ ਬੋਰੇ ਇੱਕ ਉਸਾਰੀ ਵਾਲੀ ਥਾਂ 'ਤੇ ਲਿਜਾਣ ਲਈ ਕਿਹਾ ਗਿਆ ਹੈ।

ਜ਼ਿਕਰਯੋਗ ਹੈ ਕਿ ਇਹ ਲਗਾਤਾਰ ਤੀਜਾ ਜਾਂ ਚੌਥਾ ਦਿਨ ਹੈ ਜਦੋਂ ਵਿਦਿਆਰਥੀਆਂ ਨੂੰ ਅਜਿਹਾ ਕਰਨ ਲਈ ਕਿਹਾ ਗਿਆ ਕਿਉਂਕਿ ਸਕੂਲ ਵਿੱਚ ਉਸਾਰੀ ਦਾ ਕੰਮ ਚੱਲ ਰਿਹਾ ਹੈ। ਇਕ ਮਾਤਾ-ਪਿਤਾ ਨੇ ਆਪਣਾ ਨਾਂ ਗੁਪਤ



ਰੱਖਣ ਦੀ ਸ਼ਰਤ 'ਤੇ ਦੱਸਿਆ, ਅਸੀਂ ਆਪਣੇ ਬੱਚਿਆਂ ਨੂੰ ਪੜ੍ਹਨ ਲਈ ਭੇਜਦੇ ਹਾਂ ਪਰ ਉਨ੍ਹਾਂ ਨੂੰ ਮਜ਼ਦੂਰਾਂ ਵਾਂਗ ਕੰਮ ਕਰਨ ਲਈ ਕਿਹਾ ਜਾਂਦਾ ਹੈ। ਜੇਕਰ ਸਰਕਾਰ ਨੇ ਸਕੂਲ ਦਾ ਕੰਮ ਚਲਾਉਣਾ ਹੈ, ਤਾਂ ਉਸ ਨੂੰ ਮਜ਼ਦੂਰਾਂ ਨੂੰ ਰੁਜ਼ਗਾਰ ਦੇਣਾ ਚਾਹੀਦਾ ਹੈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਸ਼੍ਰੋਮਣੀ ਅਕਾਲੀ ਦਲ ਦੇ ਵਫਦ ਵੱਲੋਂ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਨਾਲ ਮੁਲਾਕਾਤ, ਸ਼੍ਰੋਮਣੀ ਕਮੇਟੀ ਚੋਣਾਂ ਲਈ ਵੋਟਰਾਂ ਦੀ ਰਜਿਸਟਰੇਸ਼ਨ ਪ੍ਰਕਿਰਿਆ 31 ਮਾਰਚ ਤੱਕ ਵਧਾਉਣ ਦੀ

ਚੰਡੀਗੜ੍ਹ, (ਲੋਕ ਬਾਣੀ) ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ, ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਾਲੇ ਵਫਦ ਨੇ ਅੱਜ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਜਸਟਿਸ (ਰਿਟਾ) ਐਸ ਐਸ ਸਾਰੋਂ ਨਾਲ ਮੁਲਾਕਾਤ ਕੀਤੀ ਅਤੇ ਉਹਨਾਂ ਨੂੰ ਸ਼੍ਰੋਮਣੀ ਕਮੇਟੀ ਚੋਣਾਂ ਲਈ ਵੋਟਰਾਂ ਦੀ ਰਜਿਸਟਰੇਸ਼ਨ ਪ੍ਰਕਿਰਿਆ 31 ਮਾਰਚ ਤੱਕ ਵਧਾਉਣ ਅਤੇ ਸਾਰੀਆਂ ਜਾਅਲੀ ਵੋਟਾਂ ਖ਼ਤਮ ਕਰਵਾਉਣ ਦੀ ਅਪੀਲ ਕੀਤੀ।



ਮੁੱਖ ਕਮਿਸ਼ਨਰ ਨੂੰ ਮੰਗ ਪੱਤਰ ਪੇਸ਼ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਜਸਟਿਸ ਸਾਰੋਂ ਨੂੰ ਦੱਸਿਆ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਬੂਥ ਪੱਧਰੀ ਅਫਸਰਾਂ ਨੂੰ ਹਦਾਇਤਾਂ ਕੀਤੀਆਂ ਹਨ ਕਿ ਉਹ ਵੋਟਰ ਸੂਚੀਆਂ ਵਿਚੋਂ ਵੱਡੀ ਪੱਧਰ 'ਤੇ ਵੋਟਾਂ ਦੀ ਰਜਿਸਟਰੇਸ਼ਨ ਕਰਨ ਜਿਸ ਕਾਰਣ ਹਜ਼ਾਰਾਂ ਗੈਰ ਸਿੱਖਾਂ ਨੂੰ ਸ਼੍ਰੋਮਣੀ ਕਮੇਟੀ ਚੋਣਾਂ ਲਈ ਵੋਟ ਦਾ ਅਧਿਕਾਰ ਮਿਲ ਗਿਆ ਹੈ। ਉਹਨਾਂ ਕਿਹਾ ਕਿ ਇੰਨਾ ਹੀ ਨਹੀਂ ਬਲਕਿ ਅਣਗਿਣਤੀ ਸਹੀ ਵੋਟਾਂ ਕੱਟ ਦਿੱਤੀਆਂ ਗਈਆਂ ਹਨ ਤੇ ਜਾਅਲੀ ਬਣਾਈਆਂ ਗਈਆਂ ਹਨ ਜਿਸਦਾ ਮਕਸਦ ਕਿਸੇ ਵੀ ਤਰੀਕੇ ਸ਼੍ਰੋਮਣੀ ਕਮੇਟੀ 'ਤੇ ਕਬਜ਼ਾ ਕਰਨਾ ਹੈ। ਸਰਦਾਰ ਨੇ ਮੁੱਖ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਉਹ ਸਾਰੀਆਂ ਵੋਟਰ ਸੂਚੀਆਂ ਦੀ ਸਮੀਖਿਆ ਲਈ ਹਦਾਇਤਾਂ ਜਾਰੀ ਕਰਨ ਤਾਂ ਜੋ ਜਾਅਲੀ ਵੋਟਾਂ ਕੱਟੀਆਂ ਜਾ ਸਕਣ।

ਉਹਨਾਂ ਨੇ ਇਹ ਵੀ ਅਪੀਲ ਕੀਤੀ ਕਿ ਨਵੀਂਆਂ ਵੋਟਾਂ ਬਣਾਉਣ ਲਈ ਮਿਆਦ ਵਧਾਈ ਜਾਵੇ ਕਿਉਂਕਿ ਬਹੁ ਵੱਡੀ ਗਿਣਤੀ ਵਿਚ ਯੋਗ ਵੋਟਰਾਂ ਦੀ ਰਜਿਸਟਰੇਸ਼ਨ ਹਾਲੇ ਬਾਕੀ ਹੈ। ਸਰਦਾਰ ਬਾਦਲ ਨੇ ਹਿਮਾਚਲ ਪ੍ਰਦੇਸ਼ ਦੀ ਵੀ ਉਦਾਹਰਣ ਦਿੱਤੀ ਜਿਥੇ ਹਾਲੇ ਤੱਕ ਵੋਟਰ ਸੂਚੀਆਂ ਬਣਾਈਆਂ ਹੀ ਨਹੀਂ ਗਈਆਂ।

ਬਾਅਦ ਵਿਚ ਮੰਗ ਪੱਤਰ ਬਾਰੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਅਕਾਲੀ ਦਲ ਚਾਹੁੰਦਾ ਹੈ ਕਿ ਸਿਰਫ ਅਸਲ ਹੱਕਦਾਰ ਵੋਟਰਾਂ ਦੀ ਰਜਿਸਟਰੇਸ਼ਨ ਹੋਵੇ ਪਰ ਇਹ ਬਹੁਤ ਨਿੰਦਣਯੋਗ ਗੱਲ ਹੈ ਕਿ ਆਪ ਸਰਕਾਰ ਇਸ ਪ੍ਰਕਿਰਿਆ ਵਿਚ ਦਖਲਅੰਦਾਜ਼ੀ ਕਰ ਰਹੀ ਹੈ। ਉਹਨਾਂ ਕਿਹਾ ਕਿ ਹਾਲਾਤ ਅਜਿਹੇ ਹਨ ਕਿ ਜਿਹੜੇ ਹਜ਼ਾਰਾਂ ਗੈਰ ਸਿੱਖਾਂ ਜਿਹਨਾਂ ਨੇ ਰਜਿਸਟਰੇਸ਼ਨ ਲਈ ਅਪਲਾਈ ਵੀ ਨਹੀਂ ਕੀਤਾ, ਉਹਨਾਂ ਨੂੰ ਵੀ ਵੋਟਰ ਬਣਾ ਕੇ ਵੋਟਾਂ ਪਾਉਣ ਦਾ ਅਧਿਕਾਰ ਦੇ ਦਿੱਤਾ ਗਿਆ ਹੈ। ਉਹਨਾਂ ਨੇ ਦੱਸਿਆ ਕਿ ਵਫਦ ਨੇ ਮੁੱਖ ਕਮਿਸ਼ਨਰ ਨੂੰ ਇਹ ਵੀ ਦੱਸਿਆ ਕਿ ਸਿੱਖ ਰਹਿਤ ਮਰਿਆਦਾ ਅਨੁਸਾਰ ਹਰ ਸਿੱਖ ਲਈ ਨਾਂ ਪਿੱਛੇ ਸਿੰਘ ਜਾਂ ਕੌਰ ਲਿਖਣਾ ਲਾਜ਼ਮੀ ਹੁੰਦਾ ਹੈ। ਉਹਨਾਂ ਕਿਹਾ ਕਿ ਅਸੀਂ ਕਮਿਸ਼ਨਰ ਨੂੰ ਵੋਟਰ ਸੂਚੀਆਂ ਸੌਂਪੀਆਂ ਹਨ ਜਿਹਨਾਂ ਵਿਚ ਸਿੱਖ ਰਹਿਤ ਮਰਿਆਦਾ ਅਨੁਸਾਰ ਵਿਅਕਤੀਆਂ ਦੇ ਨਾਂ ਨਹੀਂ ਹਨ ਪਰ ਉਹ ਵੋਟਰ ਬਣੇ ਹੋਏ ਹਨ।

ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਵਫਦ ਨੇ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਨੂੰ ਇਹ ਵੀ ਬੇਨਤੀ ਕੀਤੀ ਕਿ ਉਹ ਸਰਕਾਰ ਨੂੰ ਹਦਾਇਤ ਦੇਣ ਕਿ ਵੋਟਰਾਂ ਦੀ ਰਜਿਸਟਰੇਸ਼ਨ ਲਈ ਨਿਯਮ ਸਖ਼ਤੀ ਨਾਲ ਲਾਗੂ ਕੀਤੇ ਜਾਣ।ਵਫਦ ਵਿਚ ਹੀਰਾ ਸਿੰਘ ਗਾਬੜੀਆ, ਅਮਰਜੀਤ ਸਿੰਘ ਚਾਵਲਾ ਅਤੇ ਅਰਸ਼ਦੀਪ ਸਿੰਘ ਕਲੇਰ ਵੀ ਹਾਜ਼ਰ ਸਨ।

# ਖਨੌਰੀ ਮੋਰਚੇ ਤੇ 30 ਨੂੰ ਪਾਏ ਜਾਣਗੇ ਅਖੰਡ ਪਾਠ ਦੇ ਭੋਗ



ਖਨੌਰੀ (ਲੋਕ ਬਾਣੀ): ਖਨੌਰੀ ਕਿਸਾਨ ਮੋਰਚਾ ਵਿਖੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਵੀਰਵਾਰ ਨੂੰ 59ਵੇਂ ਦਿਨ ਵੀ ਜਾਰੀ ਰਿਹਾ। ਡਾਕਟਰਾਂ ਨੇ ਮੈਡੀਕਲ ਬੁਲੇਟਿਨ ਜਾਰੀ ਕਰਦਿਆਂ ਕਿਹਾ ਕਿ ਤਾਜ਼ੀ ਹਵਾ ਅਤੇ ਧੁੱਪ ਆਉਣ ਨਾਲ ਡੱਲੇਵਾਲ ਦੀ ਸਿਹਤ ਹੌਲੀ-ਹੌਲੀ ਠੀਕ ਹੋ ਰਹੀ ਹੈ ਇਸ ਮੌਕੇ ਪ੍ਰੈੱਸ ਕਾਨਫਰੰਸ ਕਰਦਿਆਂ ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ ਨੇ ਦੱਸਿਆ ਕਿ ਖਨੌਰੀ ਕਿਸਾਨ ਮੋਰਚੇ ਵਿਖੇ 28 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਅਤੇ 30 ਜਨਵਰੀ ਨੂੰ ਭੋਗ ਪਾਏ ਜਾਣਗੇ, ਇਸ ਦਿਨ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਮੋਰਚੇ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇਕਿਸਾਨ ਮਜ਼ਦੂਰ ਮੋਰਚਾ ਵੱਲੋਂ ਐਲਾਨੇ ਪ੍ਰੋਗਰਾਮ ਤਹਿਤ 26 ਜਨਵਰੀ ਨੂੰ 12 ਤੋਂ 130 ਵਜੇ ਤੱਕ ਕਿਸਾਨਾਂ ਦੇ ਟਰੈਕਟਰ ਦੇਸ਼ ਭਰ ਦੀਆਂ ਸੜਕਾਂ ਤੇ ਉਤਰਨਗੇ, ਜਿਸ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਡੱਲੇਵਾਲ ਨੇ ਆਪ ਕੁਝ ਨਹੀਂ ਕੀਤਾ, ਵਾਹਿਗੁਰੂ ਨੇ ਕੇਂਦਰ ਸਰਕਾਰ ਨੂੰ ਸਿਆਣਪ ਦੇਣ ਦਾ ਕੰਮ ਕੀਤਾ ਹੈ ਅਤੇ ਉਹ ਇਸੇ ਤਰ੍ਹਾਂ ਮੋਰਚੇ ਨੂੰ ਮਜ਼ਬੂਤ ਕਰਨ ਲਈ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਨ।

ਇਸ ਦੌਰਾਨ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਡੱਲੇਵਾਲ ਨੇ ਪ੍ਰੈਸ ਬਿਆਨ ਰਾਹੀਂ ਆਪਣਾ ਸੰਦੇਸ਼ ਜਾਰੀ ਕਰਦਿਆ ਕਿਹਾ ਕਿ ਕਿਸਾਨ ਮੋਰਚੇ ਦੀ ਹੁਣ ਤੱਕ ਦੀ ਕਾਮਯਾਬੀ ਵਾਹਿਗੁਰੂ ਤੇਗੁਰੂ ਸਾਹਿਬਾਨ ਨੂੰ ਸਮਰਪਿਤ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਉਹਨਾਂ ਦੇ ਅਸ਼ੀਰਵਾਦ ਨਾਲ ਮੋਰਚਾ ਪੂਰਨ ਸਫਲਤਾ ਦੇ ਮੁਕਾਮ ਤੱਕ ਪਹੁੰਚੇਗਾ।

# ਰਾਸ਼ਟਰਪਤੀ ਬਣਨ ਤੋਂ ਬਾਅਦ ਡੋਨਾਲਡ ਟਰੰਪ ਦਾ ਪਹਿਲਾ ਇੰਟਰਵਿਊ, ਕਿਹਾ- ਮੈਂ ਬਿਡੇਨ ਵਾਂਗ ਆਪਣੇ ਲੋਕਾਂ ਨੂੰ ਮੁਆਫ਼ ਨਹੀਂ ਕੀਤਾ

(ਲੋਕ ਬਾਣੀ) ਡੋਨਾਲਡ ਟਰੰਪ ਨੇ ਦੂਜੀ ਵਾਰ ਅਮਰੀਕਾ ਦੇ ਰਾਸ਼ਟਰਪਤੀ ਬਣਨ ਤੋਂ ਬਾਅਦ ਬੁੱਧਵਾਰ ਨੂੰ ਆਪਣਾ ਪਹਿਲਾ ਇੰਟਰਵਿਊ ਦਿੱਤਾ। ਟਰੰਪ ਨੇ ਫੌਕਸ ਨਿ ©✚↰↔ ਨਾਲ ਇੱਕ ਇੰਟਰਵਿਊ ਵਿੱਚ ਬਿਡੇਨ ਸਰਕਾਰ ਤੇ ਕਈ ਵਾਰ ਕੀਤੇ। ਉਨ੍ਹਾਂ ਕਿਹਾ ਕਿ ਮੈਂ ਰਾਸ਼ਟਰਪਤੀ ਹੁੰਦਿਆਂ ਬਿਡੇਨ ਵਾਂਗ ਆਪਣੇ ਲੋਕਾਂ ਨੂੰ ਮੁਆਫ਼ ਨਹੀਂ ਕੀਤਾ।



ਟਰੰਪ ਨੇ ਕਿਹਾ ਕਿ ਜਦੋਂ ਮੈਂ ਪਹਿਲੀ ਵਾਰ ਰਾਸ਼ਟਰਪਤੀ ਸੀ ਤਾਂ ਆਪਣੇ ਕਾਰਜਕਾਲ ਦੇ ਆਖਰੀ ਦਿਨਾਂ ਵਿੱਚ ਮੈਨੂੰ ਇਹ ਵੀ ਪੁੱਛਿਆ ਗਿਆ ਸੀ ਕਿ ਕੀ ਮੈਂ ਆਪਣੇ ਆਪ ਨੂੰ ਅਤੇ ਆਪਣੇ ਲੋਕਾਂ ਨੂੰ ਮੁਆਫ਼ ਕਰਨਾ ਚਾਹਾਂਗਾ? ਫਿਰ ਮੈਂ ਕਿਹਾ ਕਿ ਮੈਂ ਕਿਸੇ ਨੂੰ ਮੁਆਫ ਨਹੀਂ ਕਰਾਂਗਾ, ਅਸੀਂ ਕੁਝ ਗਲਤ ਨਹੀਂ ਕੀਤਾ। ਸਾਡੇ ਲੋਕਾਂ ਨੇ ਬਹੁਤ ਮੁਸੀਬਤਾਂ ਝੱਲੀਆਂ ਹਨ, ਉਹ ਬਹਾਦਰ ਦੇਸ਼ ਭਗਤ ਹਨ।ਦਰਅਸਲ, ਰਾਸ਼ਟਰਪਤੀ ਦੇ ਤੌਰ ਤੇ ਆਪਣੇ ਕਾਰਜਕਾਲ ਦੌਰਾਨ ਜੋ ਬਿਡੇਨ ਨੇ ਆਪਣੇ ਬੇਟੇ ਹੰਟਰ, ਭਰਾ ਜੇਮਸ ਅਤੇ ਉਸ ਦੀ ਪਤਨੀ ਸਾਰਾ, ਭਰਾ ਫਰਾਂਸਿਸ, ਭੈਣ ਵੈਲੇਰੀ ਅਤੇ ਉਸ ਦੇ ਪਤੀ ਜੌਨ ਓਵੇਨਸ ਨੂੰ ਮੁਆਫ ਕਰ ਦਿੱਤਾ ਸੀ। ਬਿਡੇਨ ਨੇ ਕਿਹਾ ਕਿ ਉਸ ਦੇ ਪਰਿਵਾਰ ਨੂੰ ਸਿਰਫ਼ ਤੰਗ ਕਰਨ ਲਈ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਜਦੋਂ ਟਰੰਪ ਤੋਂ ਪੁੱਛਿਆ ਗਿਆ ਕਿ ਉਹ ਰਾਸ਼ਟਰਪਤੀ ਦਫਤਰ ਵਿਚ ਵਾਪਸ ਆਉਣ ਬਾਰੇ ਕਿਵੇਂ ਮਹਿਸੂਸ ਕਰਦੇ ਹਨ। ਇਸ ਤੇ ਉਨ੍ਹਾਂ ਕਿਹਾ ਕਿ ਇੱਥੇ ਬਹੁਤ ਸਾਰਾ ਕੰਮ ਬਾਕੀ ਹੈ। ਜੇਕਰ ਮੈਂ 2020 ਵਿੱਚ ਦੁਬਾਰਾ ਰਾਸ਼ਟਰਪਤੀ ਬਣ ਜਾਂਦਾ ਤਾਂ ਉਦੋਂ ਤੱਕ ਬਹੁਤ ਸਾਰਾ ਕੰਮ ਖਤਮ ਹੋ ਚੁੱਕਾ ਹੁੰਦਾ। ਟਰੰਪ ਨੇ ਅੱਗੇ ਕਿਹਾ ਕਿ ਜੇਕਰ ਮੈਂ 2020 ਚ ਰਾਸ਼ਟਰਪਤੀ ਬਣਿਆ ਹੁੰਦਾ ਤਾਂ ਸਾਡੇ ਦੇਸ਼ ਚ ਮਹਿੰਗਾਈ ਨਾ ਹੁੰਦੀ, ਅਫਗਾਨਿਸਤਾਨ ਵਰਗਾ ਸੰਕਟ ਨਾ ਹੁੰਦਾ, 7 ਅਕਤੂਬਰ ਨੂੰ ਇਜ਼ਰਾਈਲ ਵਰਗੀ ਘਟਨਾ ਨਾ ਹੁੰਦੀ ਅਤੇ ਨਾ ਹੀ ਯੂਕਰੇਨ ਵਿੱਚ ਯੁੱਧ ਹੁੰਦਾ।

# ਤੜਕਸਾਰ ਨਗਰ ਨਿਗਮ ਪਠਾਨਕੋਟ ਦੇ ਦਫ਼ਤਰ ਚ ਲੱਗੀ ਅੱਗ, ਸਾਰਾ ਪੁਰਾਣਾ ਰਿਕਾਰਡ ਸੜ ਕੇ ਹੋਇਆ ਸੁਆਹ

(ਲੋਕ ਬਾਣੀ) ਪਠਾਨਕੋਟ ਨਗਰ ਨਿਗਮ ਦੇ ਦਫ਼ਤਰ ਵਿੱਚ ਉਸ ਵੇਲੇ ਤੜਕਸਾਰ ਹਫੜਾ-ਦਫੜੀ ਮੱਚ ਗਈ ਜਦੋਂ ਦਫ਼ਤਰ ਵਿੱਚ ਭਿਆਨਕ ਅੱਗ ਲੱਗ ਗਈ। ਹਾਲਾਂਕਿ ਮੌਕੇ ਤੇ ਪਹੁੰਚੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਅੱਗ ਤੇ ਕਾਬੂ ਪਾਉਣ ਦੀ ਬਹੁਤ ਕੋਸ਼ਿਸ਼ ਕੀਤੀ ਅਤੇ ਕਈ ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਅੱਗ ਤੇ ਕਾਬੂ ਪਾ ਲਿਆ ਗਿਆ। ਜਾਣਕਾਰੀ ਦਿੰਦਿਆਂ ਨਗਰ ਨਿਗਮ ਪਠਾਨਕੋਟ ਦੇ ਅਧਿਕਾਰੀ ਸੁਮਨ ਕੁਮਾਰ ਨੇ ਦੱਸਿਆ ਕਿ ਨਗਰ ਨਿਗਮ ਪਠਾਨਕੋਟ ਦੇ ਦਫ਼ਤਰ ਵਿੱਚ ਰਾਤ ਸਮੇਂ ਮੌਜੂਦ ਚੌਕੀਦਾਰ ਨੇ ਉਹਨਾਂ ਨੂੰ ਸੂਚਨਾ ਦਿੱਤੀ ਕਿ ਦਫ਼ਤਰ ਦੇ ਰਿਕਾਰਡ ਰੂਮ ਵਾਲੇ ਪਾਸੇ ਅੱਗ ਲੱਗ ਗਈ ਹੈ। ਜਿਸ ਤੋਂ ਬਾਅਦ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ ਗਈ ਅਤੇ ਫਾਇਰ ਬ੍ਰਿਗੇਡ ਨੇ ਮੌਕੇ ਤੇ ਪਹੁੰਚ ਕੇ ਅੱਗ ਤੇ ਕਾਬੂ ਪਾਉਣਾ ਸ਼ੁਰੂ ਕਰ ਦਿੱਤਾ। ਉਹਨਾਂ ਦੱਸਿਆ ਕਿ ਅਜੇ ਤੱਕ ਅੱਗ ਲੱਗਣ ਦੇ ਕਾਰਨ ਦਾ ਕੁਝ ਖਾਸ ਪਤਾ ਨਹੀਂ ਲੱਗ ਸਕਿਆ । ਪਰ ਸ਼ਾਰਟ ਸਰਕਟ ਨਾਲ ਅੱਗ ਲੱਗਣ ਦਾ ਖਦਸ਼ਾ ਦੱਸਿਆ ਜਾ ਰਿਹਾ ਹੈ।ਅਤੇ ਰਿਕਾਰਡ ਰੂਮ ਵਿੱਚ ਪਿਆ ਬਹੁਤ ਸਾਰੇ ਪੁਰਾਣੇ ਕਾਗਜ਼ਾਤ ਸੜ ਕੇ ਸਵਾਹ ਹੋ ਗਏ ਹਨ ਅਤੇ ਬਾਕੀ ਅੱਗ ਲੱਗਣ ਦਾ ਕਾਰਨ ਪੜਤਾਲ ਕਰਨ ਤੋਂ ਬਾਅਦ ਦੱਸਿਆ ਜਾ ਸਕਦਾ ਹੈ । ਉਥੇ ਹੀ ਜਦੋਂ ਨਗਰ ਨਿਗਮ ਦੇ ਦਫਤਰ ਵਿੱਚ ਫਾਇਰ ਸੇਫਟੀ ਦੇ ਪ੍ਰਬੰਧਾਂ ਦੇ ਸੰਬੰਧ ਵਿੱਚ ਉਹਨਾਂ ਨੂੰ ਪ੍ਰਸ਼ਨ ਕੀਤਾ ਗਿਆ ਤਾਂ ਉਹਨਾਂ ਕਿਹਾ ਕਿ ਇਸ ਮਾਮਲੇ ਵਿੱਚ ਵੱਡੇ ਅਫ਼ਸਰ ਹੀ ਜਵਾਬ ਦੇ ਸਕਦੇ ਹਨ । ਇਸ ਮੌਕੇ ਤੇ ਪਹੁੰਚੇ ਫਾਇਰ ਬ੍ਰਿਗੇਡ ਦੇ ਅਧਿਕਾਰੀ ਨੇ ਦੱਸਿਆ ਕਿ ਉਹਨਾਂ ਨੂੰ ਸਵੇਰੇ 7 ਵਜੇ ਦੇ ਕਰੀਬ ਸੂਚਨਾ ਮਿਲੀ ਸੀ । ਜਿਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਮੌਕੇ ਤੇ ਪਹੁੰਚੀਆਂ ਅਤੇ ਅੱਗ ਤੇ ਕਾਬੂ ਪਾਉਣਾ ਸ਼ੁਰੂ ਕਰ ਦਿੱਤਾ। ਉਹਨਾਂ ਦੱਸਿਆ ਕਿ ਫਿਲਹਾਲ ਅੱਗ ਤੇ ਕਾਬੂ ਪਾ ਲਿਆ ਗਿਆ ਹੈ ਅਤੇ ਨੁਕਸਾਨ ਦੇ ਸੰਬੰਧ ਵਿੱਚ ਨਗਰ ਨਿਗਮ ਦਫ਼ਤਰ ਦੇ ਅਧਿਕਾਰੀ ਹੀ ਸਪਸ਼ਟ ਰੂਪ ਵਿੱਚ ਦੱਸ ਸਕਦੇ ਹਨ।



# ਅਜਨਾਲਾ ਸ਼ਹਿਰ ਅੰਦਰ ਸੁਨਿਆਰੇ ਦੀ ਦੁਕਾਨ ਉੱਪਰ ਸ਼ਰੇਆਮ ਹੋਈ ਲੁੱਟ ਦੇ ਮਾਮਲੇ ਨੂੰ ਪੁਲਿਸ ਨੇ ਸੁਲਝਾਇਆ



(ਲੋਕ ਬਾਣੀ) ਪਿਛਲੇ ਦਿਨੀ ਅਜਨਾਲਾ ਸ਼ਹਿਰ ਅੰਦਰ ਇਕ ਸੁਨਿਆਰੇ ਦੀ ਦੁਕਾਨ ਉੱਤੇ ਹੋਈ ਸ਼ਰੇਆਮ ਲੁੱਟਦੇ ਮਾਮਲੇ ਨੂੰ ਸੁਲਝਾਉਣ ਉਪਰੰਤ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਪੀੜਿਤ ਗ੍ਰਾਹਕ ਅਤੇ ਸੁਨਿਆਰੇ ਨੂੰ ਮਿਲਣ ਲਈ ਸੁਨਿਆਰੇ ਦੀ ਦੁਕਾਨ ਤੇ ਪਹੁੰਚੇ ਉੱਥੇ ਹੀ ਉਹਨਾਂ ਨੇ ਜਿਲਾ ਗੁਰਦਾਸਪੁਰ ਦੇ ਐਸਐਸਪੀ ਅਤੇ ਅੰਮ੍ਰਿਤਸਰ ਦਿਹਾਤੀ ਦੇ ਐਸਐਸਪੀ ਦਾ ਧੰਨਵਾਦ ਕੀਤਾ ਜਿਨਾਂ ਦੀ ਭੂਰਜੋਰ ਮਿਹਨਤ ਸਦਕਾ ਸੁਨਿਆਰੀ ਦੀ ਦੁਕਾਨ ਤੇ ਸ਼ਰੇਆਮਾਈ ਲੁੱਟਦੇ ਮਾਮਲੇ ਨੂੰ ਸੁਲਝਾਇਆ ਹੈਇਸ ਮੌਕੇ ਤੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਐਸਐਸਪੀ ਅੰਮ੍ਰਿਤਸਰ ਦਿਹਾਤੀ ਅਤੇ ਡੀਐਸਪੀ ਗੁਰਵਿੰਦਰ ਸਿੰਘ ਅਜਨਾਲਾ ਦੀ ਮਿਹਨਤ ਸਦਕਾ ਵੱਡੀ ਸਫਲਤਾ ਮਿਲੀ ਹੈ ਅਜਿਹੇ ਅਮਲੀ ਟਾਈਪ ਅਨਸਰਾਂ ਨੂੰ ਫੜਨ ਵਿੱਚ ਕਾਮਯਾਬੀ ਮਿਲੀ ਹੈ ਅਤੇ ਇਸ ਦੁਕਾਨਦਾਰ ਸੁਨਿਆਰੇ ਵੀਰ ਨੂੰ ਮਿਲ ਕੇ ਵਿਸ਼ਵਾਸ ਦਵਾਇਆ ਹੈ ਕਿ ਜਲਦੀ ਹੀ ਲੁੱਟ ਹੋਇਆ ਸਮਾਨ ਕੁਰਨੂਨੀ ਪ੍ਰਕਿਰਿਆ ਪੂਰੀ ਕਰਨ ਉਪਰੰਤ ਦੁਕਾਨਦਾਰ ਅਤੇ ਪੀੜਿਤ ਗ੍ਰਾਹਕ ਨੂੰ ਵਾਪਸ ਦਵਾਇਆ ਜਾਵੇਗਾ।

ਇਸ ਮੌਕੇ ਤੇ ਪੀੜਿਤ ਗ੍ਰਾਹਕ ਅਤੇ ਸੁਨਿਆਰੇ ਨੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਪੰਜਾਬ ਪੁਲਿਸ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਹਨਾਂ ਦੀ ਮਿਹਨਤ ਸਦਕਾ ਮੇਰੀ ਦੁਕਾਨ ਤੇ ਡਕੈਤੀ ਕਰਨ ਵਾਲਿਆਂ ਨੂੰ ਫੜਿਆ ਗਿਆ ਹੈ।

# ਸਫ਼ਾਈ ਸੇਵਕ ਤੋਂ ਮਹੀਨਾਵਾਰ ਰਿਸ਼ਵਤ ਲੈਣ ਦੇ ਦੋਸ਼ ਹੇਠ ਨਗਰ ਨਿਗਮ ਦਾ ਲੰਬੜਦਾਰ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਨਗਰ ਨਿਗਮ ਜ਼ੋਨ-ਬੀ, ਲੁਧਿਆਣਾ ਦੇ ਲੰਬੜਦਾਰ ਸੰਜੇ ਕੁਮਾਰ ਵਾਸੀ ਸਰਪੰਚ ਕਲੋਨੀ, ਕੁਲੀਏਵਾਲ, ਲੁਧਿਆਣਾ ਨੂੰ ਇੱਕ ਸਫ਼ਾਈ ਸੇਵਕ ਤੋਂ ਪ੍ਰਤੀ ਮਹੀਨਾ 6,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਨਗਰ ਨਿਗਮ, ਲੁਧਿਆਣਾ ਦੇ ਸਫ਼ਾਈ ਸੇਵਕ ਸੰਦੀਪ ਵਾਸੀ ਐਲ.ਆਈ.ਜੀ. ਕਲੋਨੀ, ਜਮਾਲਪੁਰ, ਲੁਧਿਆਣਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਤੇ ਦਰਜ ਕਰਵਾਈ ਗਈ ਸ਼ਿਕਾਇਤ ਉਪਰੰਤ ਦਰਜ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਸ਼ਿਕਾਇਤ ਵਿੱਚ ਦੋਸ਼ ਲਗਾਇਆ ਕਿ ਉਕਤ ਸੰਜੇ ਕੁਮਾਰ ਉਸ ਦੀਆਂ ਹਾਜ਼ਰੀਆਂ ਲਗਾਉਣ ਅਤੇ ਹਾਜ਼ਰੀਆਂ ਦਾ ਰਿਕਾਰਡ ਰੱਖਣ ਲਈ ਮਹੀਨਾਵਾਰ ਰਿਸ਼ਵਤ ਦੇਣ ਦੀ ਮੰਗ ਕਰਦਾ ਸੀ। ਉਹਨਾਂ ਅੱਗੇ ਦੱਸਿਆ ਕਿ ਇਸ ਮੰਤਵ ਲਈ ਇਹ ਮੁਲਜ਼ਮ ਪਿਛਲੇ ਦੋ ਸਾਲਾਂ ਦੌਰਾਨ ਉਸ ਕੋਲੋਂ ਹੁਣ ਤੱਕ 1,40,000 ਰੁਪਏ ਵਸੂਲ ਚੁੱਕਾ ਹੈ। ਆਪਣੇ ਦਾਅਵਿਆਂ ਨੂੰ ਸਾਬਤ ਕਰਨ ਲਈ ਸ਼ਿਕਾਇਤਕਰਤਾ ਨੇ ਮੁਲਜ਼ਮ ਨਾਲ ਰਿਸ਼ਵਤ ਦੀ ਮੰਗ ਸਬੰਧੀ ਰਿਕਾਰਡ ਕੀਤੀ ਗੱਲਬਾਤ ਵੀ ਬਿਊਰੋ ਕੋਲ ਪੇਸ਼ ਕੀਤੀ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਦੀ ਪੂਰੀ ਜਾਂਚ ਉਪਰੰਤ ਲਾਏ ਗਏ ਦੋਸ਼ ਸਹੀ ਪਾਏ ਗਏ, ਜਿਹੜੇ ਜ਼ੁਬਾਨੀ ਅਤੇ ਦਸਤਾਵੇਜ਼ੀ ਦੋਵਾਂ ਸਬੂਤਾਂ ਦੁਆਰਾ ਸਮਰਥਿਤ ਸਨ। ਇਸ ਸਬੰਧੀ ਵਿਜੀਲੈਂਸ ਬਿਊਰੋ ਵੱਲੋਂ ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਨੇ ਸ਼ਹਿਰ ਦੀਆਂ ਚਾਰ ਮੁੱਖ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਇੱਕ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ



ਅੰਮ੍ਰਿਤਸਰ, (ਲੋਕ ਬਾਣੀ) ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਨੇ ਅੱਜ ਸ਼ਹਿਰ ਦੀਆਂ ਚਾਰ ਮੁੱਖ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਇੱਕ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ। ਇਸ ਸਬੰਧੀ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਟ੍ਰੈਫਿਕ ਪੁਲਿਸ ਦੇ ਏਡੀਸੀਪੀ ਹਰਪਾਲ ਸਿੰਘ ਰੰਧਾਵਾ ਅਤੇ ਨਿਗਮ ਅਸਟੇਟ ਅਫ਼ਸਰ ਧਰਮਿੰਦਰ ਜੀਤ ਸਿੰਘ ਨਾਲ ਮੀਟਿੰਗ ਕੀਤੀ। ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਪਹਿਲਾਂ ਲਾਰੈਂਸ ਰੋਡ, ਮਾਲ ਰੋਡ, ਮਜੀਠਾ ਰੋਡ ਅਤੇ ਹੈਰੀਟੇਜ ਸਟਰੀਟ ਸੜਕਾਂ ਦੀ ਚੋਣ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਚਾਰ ਸੜਕਾਂ ਤੇ, ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਅਧਿਕਾਰੀ ਸਾਂਝੇ ਤੌਰ ਤੇ ਕਾਰਵਾਈ ਕਰਨਗੇ ਅਤੇ ਇੱਕ ਪਾਇਲਟ ਪ੍ਰੋਜੈਕਟ ਵਜੋਂ, ਗੈਰ-ਕਾਨੂੰਨੀ ਤੌਰ ਤੇ ਪਾਰਕ ਕੀਤੇ ਵਾਹਨਾਂ ਅਤੇ ਲੋਕਾਂ ਦੁਆਰਾ ਆਪਣੇ ਸ਼ੋਅਰੂਮਾਂ ਅਤੇ ਦੁਕਾਨਾਂ ਦੇ ਬਾਹਰ ਕੀਤੇ ਗਏ ਕਬਜ਼ਿਆਂ ਨੂੰ ਹਟਾ ਦੇਣਗੇ। ਨਿਗਮ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਚਾਰ ਸੜਕਾਂ ਤੇ ਕੰਮ ਅੱਜ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਟ੍ਰੈਫਿਕ ਪੁਲਿਸ ਦੇ ਏਡੀਸੀਪੀ ਹਰਪਾਲ ਸਿੰਘ ਰੰਧਾਵਾ, ਟ੍ਰੈਫਿਕ ਪੁਲਿਸ ਅਧਿਕਾਰੀ ਅਤੇ ਨਗਰ ਨਿਗਮ ਦੇ ਅਸਟੇਟ ਵਿਭਾਗ ਦੇ ਅਧਿਕਾਰੀ ਚਾਰੇ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਨਾਜਾਇਜ਼ ਕਬਜ਼ੇ ਕਰਨ ਵਾਲਿਆਂ ਨੂੰ ਸਪੀਕਰਾਂ ਰਾਹੀਂ ਚੇਤਾਵਨੀਆਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਸਾਰਾ ਦਿਨ ਲੋਕਾਂ ਨੂੰ ਚੇਤਾਵਨੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਕੱਲ੍ਹ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਨਗਰ ਨਿਗਮ ਸ਼ੋਅਰੂਮਾਂ ਅਤੇ ਦੁਕਾਨਾਂ ਦੇ ਬਾਹਰ ਗੈਰ-ਕਾਨੂੰਨੀ ਤੌਰ ਤੇ ਕੀਤੇ ਗਏ ਸਾਮਾਨ ਨੂੰ ਜ਼ਬਤ ਕਰੇਗਾ। ਜ਼ਬਤ ਕੀਤੀਆਂ ਗਈਆਂ ਚੀਜ਼ਾਂ ਛੱਡੀਆਂ ਨਹੀਂ ਜਾਣਗੀਆਂ। ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਇੱਕ ਹਫ਼ਤੇ ਲਈ ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਸਾਂਝੇ ਤੌਰ ਤੇ ਸ਼ਹਿਰ ਦੇ ਇਨ੍ਹਾਂ ਚਾਰ ਪ੍ਰਮੁੱਖ ਰਸਤਿਆਂ ਤੇ ਕਾਰਵਾਈ ਕਰਨਗੇ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਪੂਰੇ ਸ਼ਹਿਰ ਵਿੱਚ ਇਸੇ ਤਰ੍ਹਾਂ ਦੀਆਂ ਮੁਹਿੰਮਾਂ ਸ਼ੁਰੂ ਕੀਤੀਆਂ ਜਾਣਗੀਆਂ। ਏਡੀਸੀਪੀ ਟ੍ਰੈਫਿਕ ਹਰਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਗੈਰ-ਕਾਨੂੰਨੀ ਪਾਰਕਿੰਗ ਅਤੇ ਗੈਰ-ਕਾਨੂੰਨੀ ਕਬਜ਼ਿਆਂ ਦਾ ਟ੍ਰੈਫਿਕ ਵਿਵਸਥਾ ਤੇ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਵੱਲੋਂ ਇਹ ਮੁਹਿੰਮ ਲਗਾਤਾਰ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਸਾਂਝੇ ਤੌਰ ਤੇ ਕੰਮ ਕਰਕੇ ਲੋਕਾਂ ਨੂੰ ਸਪੀਕਰਾਂ ਰਾਹੀਂ ਚੇਤਾਵਨੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਕੱਲ੍ਹ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਢੰਗ ਨਾਲ ਪਾਰਕ ਕੀਤੇ ਵਾਹਨਾਂ ਦਾ ਪਤਾ ਲਗਾਇਆ ਜਾਵੇਗਾ ਅਤੇ ਚਲਾਨ ਕੀਤੇ ਜਾਣਗੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨ ਗੈਰ-ਕਾਨੂੰਨੀ ਢੰਗ ਨਾਲ ਨਾ ਪਾਰਕ ਕਰਨ।

# ਸਿਹਤ ਵਿਭਾਗ ਵੱਲੋਂ ਸਕੂਲ ਹੈਲਥ ਪ੍ਰੋਗਰਾਮ ਦੇ ਤਹਿਤ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਸਫਲਤਾ ਪੂਰਵਕ ਸੰਪੰਨ।



ਅੰਮ੍ਰਿਤਸਰ(ਲੋਕ ਬਾਣੀ) ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਜਿਲਾ ਟੀਕਾਕਰਨ ਅਫਸਰ ਡਾਕਟਰ ਭਾਰਤੀ ਧਵਨ ਦੀ ਅਗਵਾਈ ਹੇਠ ਸਕੂਲ ਟੀਚਰਾਂ ਦੀ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਸਫਲਤਾ ਪੂਰਵਕ ਸੰਪੰਨ ਹੋਈ। ਇਸ ਦੌਰਾਨ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ ਵੱਲੋਂ ਦੱਸਿਆ ਕਿ ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦਾ ਸਿਹਤਮੰਦ ਵਿਕਾਸ, ਭਾਵਨਾਤਮਕ ਤੰਦਰੁਸਤੀ ਤੇ ਮਾਨਸਿਕ ਸਿਹਤ, ਪੋਸ਼ਣ ਸਿਹਤ ਤੇ ਸਵੱਛਤਾ, ਪ੍ਰਜਨਨ ਸਿਹਤ ਤੇ ਐਚ.ਆਈ.ਵੀ. ਦੀ ਰੋਕਥਾਮ, ਲਿੰਗ ਸਮਾਨਤਾ, ਪਰਸਪਰ ਸੰਬੰਧ, ਪਦਾਰਥਾਂ ਦੀ ਦੁਰਵਰਤੋਂ ਤੇ ਰੋਕਥਾਮ, ਕਦਰਾਂ ਕੀਮਤਾਂ ਤੇ ਜਿੰਮੇਵਾਰੀਆਂ, ਸਿਹਤਮੰਦ ਜੀਵਨ ਦਾ ਪ੍ਰਭਾਵ, ਹਿੰਸਾ ਤੇ ਸੱਟਾਂ ਵਿਰੁੱਧ ਸੁਰੱਖਿਆ, ਇੰਟਰਨੈਟ ਗੈਜਟ ਤੇ ਮੀਡੀਆ ਦੀ ਸੁਰੱਖਿਅਤ ਵਰਤੋਂ ਆਦਿ ਬਾਰੇ ਬੜੇ ਹੀ ਵਿਸਥਾਰ ਨਾਲ ਟ੍ਰੇਨਿੰਗ ਦਿੱਤੀ ਗਈ ਹੈ। ਜਿਸ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦੀ ਸਿਹਤ ਸੰਭਾਲ ਪ੍ਰਤੀ ਉਹਨਾਂ ਨੂੰ ਜਾਗਰੂਕ ਕਰਨਾ ਤਾਂ ਜੋ ਬੱਚਿਆਂ ਦੀ ਕਿਸ਼ੋਰ ਅਵਸਥਾ ਵਿੱਚ ਚੰਗੀ ਸਿਹਤ ਸੰਭਾਲ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਤੇ ਸਕੂਲ ਹੈਲਥ ਨੋਡਲ ਅਫਸਰ ਡਾ ਸੁਨੀਤ ਗੁਰਮ ਗੁਪਤਾ, ਡਾ ਅੰਜੂ ਅਤੇ ਮੈਡਮ ਰੋਹਿਨੀ ਵੱਲੋਂ ਸਮੂਹ ਟੀਚਰਾਂ ਨੂੰ ਬੜੇ ਵਿਸਤਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਟਰੇਨਿੰਗ ਉਪਰੰਤ ਸਮੂਹ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ।ਇਸ ਮੌਕੇ ਜਿਲਾ ਐਮ.ਈ. ਆਈ.ਓ. ਅਮਰਦੀਪ ਸਿੰਘ, ਸਕੂਲ ਹੈਲਥ ਕੋਆਰਡੀਨੇਟਰ ਲਵਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# 'ਪਹਿਲ' ਪ੍ਰਾਜੈਕਟ ਤਹਿਤ ਮਸੀਤਾਂ ਵਿਖੇ ਹੌਜ਼ਰੀ ਸੈਂਟਰ ਦਾ ਉਦਘਾਟਨ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵਲੋਂ 'ਪਹਿਲ' ਪ੍ਰਾਜੈਕਟ ਤਹਿਤ ਪੇਂਡੂ ਮਹਿਲਾਵਾਂ ਨੂੰ ਸਵੈ ਰੁਜ਼ਗਾਰ ਦੇ ਕਾਬਿਲ ਬਣਾਉਣ ਦੇ ਮਕਸਦ ਨਾਲ ਮਸੀਤਾਂ ਵਿਖੇ 'ਹੌਜ਼ਰੀ ਸੈਂਟਰ 'ਦੀ ਸ਼ੁਰੂਆਤ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਕੁਮਾਰ ਪੰਚਾਲ ਵਲੋਂ ਅੱਜ ਇਸ ਸੈਂਟਰ ਦਾ ਉਦਘਾਟਨ ਕੀਤਾ ਗਿਆ।



ਉਨ੍ਹਾਂ ਇਸ ਸੈਂਟਰ ਨੂੰ ਪੇਂਡੂ ਖੇਤਰ ਦੀਆਂ ਔਰਤਾਂ ਨੂੰ ਸਵੈ ਰੁਜ਼ਗਾਰ ਪ੍ਰਦਾਨ ਕਰਨ ਤੇ ਵਿੱਤੀ ਤੌਰ 'ਤੇ ਸਮਰੱਥ ਬਣਾਉਣ ਵੱਲ ਵੱਡਾ ਕਦਮ ਕਰਾਰ ਦਿੰਦਿਆਂ ਕਿਹਾ ਕਿ 'ਮਸੀਤਾਂ ਪਿੰਡ ਵਿਚ ਹੌਜ਼ਰੀ ਸੈਂਟਰ ਦੀ ਸ਼ੁਰੂਆਤ ਦਿਹਾਤੀ ਖੇਤਰ ਦੀਆਂ ਔਰਤਾਂ ਲਈ ਰਾਹ ਦਸੇਰਾ ਸਾਬਿਤ ਹੋਵੇਗਾ'।

ਉਨ੍ਹਾਂ ਦੱਸਿਆ ਕਿ ਪਹਿਲ ਪ੍ਰੋਜੈਕਟ ਅਧੀਨ ਅਜੀਵਿਕਾ ਮਿਸ਼ਨ ਦੇ ਸੈਲਫ ਹੈਲਪ ਗਰੁੱਪਾਂ ਦੀਆਂ ਔਰਤਾਂ ਵੱਲੋਂ ਸਕੂਲੀ ਬੱਚਿਆਂ ਦੀਆਂ ਵਰਦੀਆਂ ਤਿਆਰ ਕੀਤੀਆਂ ਜਾਂਦੀਆਂ ਹਨ ਤੇ ਪਿਛਲੇ ਸਾਲ ਜਿਲ੍ਹਾ ਕਪੂਰਥਲਾ ਨੂੰ ਕੁੱਲ 10 ਹਜ਼ਾਰ ਸਕੂਲੀ ਬੱਚਿਆਂ ਦੀਆਂ ਵਰਦੀਆਂ ਬਣਾਉਣ ਦਾ ਟੀਚਾ ਪ੍ਰਾਪਤ ਹੋਇਆ ਸੀ ਜੋ ਕਿ ਬਾਬਾ ਦੀਪ ਸਿੰਘ ਕਲਸਟਰ ਲੈਵਲ ਫੈਡਰੇਸ਼ਨ ਪਿੰਡ ਸਿੱਧਵਾਂ ਦੋਨਾਂ ਬਲਾਕ ਕਪੂਰਥਲਾ ਵੱਲੋਂ ਪੂਰਾ ਕੀਤਾ ਗਿਆ ਸੀ।

ਇਸ ਪ੍ਰਾਜੈਕਟ ਤਹਿਤ ਵਰਧਮਾਨ ਸਪੈਸ਼ਲ ਸਟੀਲ ਲਿਮਟਡ ਵਲੋਂ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਗਈ।

ਸਾਲ 2025-26 ਲਈ ਜ਼ਿਲਾ ਕਪੂਰਥਲਾ ਨੂੰ ਕੁੱਲ 25 ਹਜ਼ਾਰ ਸਕੂਲੀ ਬੱਚਿਆਂ ਦੀਆਂ ਵਰਦੀਆਂ ਬਣਾਉਣ ਦਾ ਟੀਚਾ ਪ੍ਰਾਪਤ ਹੋਇਆ ਹੈ, ਜਿਸ ਨੂੰ ਮੁੱਖ ਰੱਖਦੇ ਹੋਏ ਬਲਾਕ ਸੁਲਤਾਨਪੁਰ ਲੋਧੀ ਦੇ ਪਿੰਡ ਮਸੀਤਾਂ ਵਿਖੇ 'ਗੁਰੂ ਨਾਨਕ ਤੇਰਾ ਤੇਰਾ ਕਲੱਸਟਰ ਲੈਵਲ ਫੈਡਰੇਸ਼ਨ ਅਧੀਨ ਇੱਕ 'ਪਹਿਲ ਹੌਜਰੀ ਸੈਂਟਰ' ਸਥਾਪਿਤ ਕੀਤਾ ਗਿਆ ਹੈ।

ਸ੍ਰੀ ਪੰਚਾਲ ਨੇ ਦੱਸਿਆ ਕਿ ਇਹ ਦੋਵੇਂ ਪਹਿਲ ਹੌਜ਼ਰੀ ਸੈਂਟਰ ਅਜੀਵਿਕਾ ਮਿਸ਼ਨ ਦੀਆਂ ਔਰਤਾਂ ਵੱਲੋਂ ਚਲਾਏ ਜਾ ਰਹੇ ਹਨ ਜਿਨਾਂ ਵਿੱਚ ਸਕੂਲੀ ਬੱਚਿਆਂ ਦੀਆਂ ਵਰਦੀਆਂ ਤਿਆਰ ਕੀਤੀਆਂ ਜਾਂਦੀਆਂ ਹਨ।

ਉਨ੍ਹਾਂ ਪੇਂਡੂ ਖੇਤਰ ਦੀਆਂ ਔਰਤਾਂ ਨੂੰ ਵੱਧ ਤੋਂ ਵੱਧ ਗਿਣਤੀ ਵਿਚ ਸਵੈ ਸਹਾਇਤਾ ਗਰੁੱਪਾਂ ਰਾਹੀਂ ਜੁੜਕੇ ਸਵੈ ਰੁਜ਼ਗਾਰ ਸਥਾਪਿਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਜਿਲ੍ਹਾ ਪ੍ਰਸ਼ਾਸ਼ਨ ਵਲੋਂ ਅਜਿਹੇ ਗਰੁੱਪਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਸ੍ਰੀ ਪੰਚਾਲ ਵਲੋਂ ਇਸ ਮੌਕੇ ਆਜੀਵਕਾ ਮਿਸ਼ਨ ਨਾਲ ਜੁੜੀਆਂ ਔਰਤਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਿਲਾਂ ਨੂੰ ਜਾਣਿਆ ਤੇ ਉਨ੍ਹਾਂ ਵਲੋਂ ਸਾਂਝੇ ਕੀਤੇ ਤਜ਼ਰਬੇ ਦੇ ਆਧਾਰ 'ਤੇ ਭਵਿੱਖੀ ਨੀਤੀ ਨਿਰਮਾਣ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਵਰਿੰਦਰਪਾਲ ਸਿੰਘ ਬਾਜਵਾ,ਐਸ.ਡੀ.ਐਮ. ਅਪਰਣਾ,ਵਰਧਮਾਨ ਸਪੈਸ਼ਲ ਸਟੀਲ ਲਿਮਿਟਡ ਦੇ ਅਮਿਤ ਧਵਨ ਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਵਿਦਿਆਰਥੀਆਂ ਨਾਲ ਗਲਤ ਵਤੀਰਾ ਵਰਤਣ ਖ਼ਿਲਾਫ਼ ਸਕੂਲ ਦਾ ਪ੍ਰਿੰਸੀਪਲ ਮੁਅੱਤਲ ਤੇ ਕੈਂਪਸ ਮੈਨੇਜਰ ਬਰਖਾਸਤ



ਚੰਡੀਗੜ੍ਹ, ( ਸੁਖਚੈਨ ਮਹਿਰਾ, ਨਰੇਸ਼ ਹੰਸ,)

ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਆਦੇਸ਼ਾਂ ਤੇ ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਅੱਜ ਲੁਧਿਆਣਾ ਦੇ ਇਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਨੂੰ ਮੁਅੱਤਲ ਕਰ ਦਿੱਤਾ ਅਤੇ ਸਕੂਲ ਦੇ ਕੈਂਪਸ ਮੈਨੇਜਰ ਨੂੰ ਬਰਖਾਸਤ ਕਰ ਦਿੱਤਾ ਗਿਆ। ਵਿਭਾਗ ਵੱਲੋਂ ਇਨ੍ਹਾਂ ਖਿਲਾਫ ਇਹ ਸਖਤ ਕਾਰਵਾਈ ਸਕੂਲ ਵਿਚ ਲੇਟ ਆਉਣ ਵਾਲੇ ਵਿਦਿਆਰਥੀਆਂ ਨੂੰ ਗ਼ੈਰਵਾਜ਼ਬ ਤੇ ਸਰੀਰਕ ਸਜ਼ਾ ਦੇਣ ਕਰਕੇ ਕੀਤੀ ਗਈ ਹੈ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਵਾਹਰ ਨਗਰ, ਸਕੂਲ ਆਫ਼ ਐਮੀਨੈਂਸ (ਲੜਕੇ), ਲੁਧਿਆਣਾ ਦੇ ਪ੍ਰਿੰਸੀਪਲ ਅਤੇ ਕੈਂਪਸ ਮੈਨੇਜਰ ਨੇ ਸਕੂਲ ਵਿਚ ਦੇਰ ਨਾਲ ਆਉਣ ਵਾਲੇ ਵਿਦਿਆਰਥੀਆਂ ਤੋਂ ਸਜ਼ਾ ਵਜੋਂ ਰੇਤਾ ਅਤੇ ਬੱਜਰੀ ਚੁਕਵਾਈ ਗਈ ਸੀ। ਇਸ ਲਈ ਸਕੂਲ ਦੇ ਪ੍ਰਿੰਸੀਪਲ ਨੂੰ ਤਾਂ ਮੁਅੱਤਲ ਕਰ ਦਿੱਤਾ ਗਿਆ ਹੈ ਅਤੇ ਕੈਂਪਸ ਮੈਨੇਜਰ ਨੂੰ ਬਰਖਾਸਤ ਕਰ ਦਿੱਤਾ ਗਿਆ ਹੈ।

ਸ. ਬੈਂਸ ਨੇ ਕਿਹਾ, "ਇਹ ਘਟਨਾ ਅੱਜ ਮੇਰੇ ਧਿਆਨ ਵਿੱਚ ਆਈ ਸੀ ਅਤੇ ਇਸ ਉੱਤੇ ਤੁਰੰਤ ਸਖ਼ਤ ਕਾਰਵਾਈ ਕੀਤੀ ਗਈ ਹੈ।" ਵਿਦਿਆਰਥੀਆਂ ਲਈ ਸਰਕਾਰੀ ਸਕੂਲਾਂ ਵਿੱਚ ਸੁਰੱਖਿਅਤ ਅਤੇ ਸਨਮਾਨਜਨਕ ਮਾਹੌਲ ਬਣਾਈ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਸਪੱਸ਼ਟ ਤੌਰ 'ਤੇ ਹਦਾਇਤ ਕੀਤੀ ਕਿ ਕਿਸੇ ਵੀ ਅਧਿਆਪਕ ਵੱਲੋਂ ਅਜਿਹਾ ਕੁਰਖ਼ਤ ਵਤੀਰਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਾਰੇ ਵਿਦਿਆਰਥੀਆਂ ਦੀ ਭਲਾਈ ਅਤੇ ਤਰੱਕੀ ਲਈ ਸਿੱਖਿਆ ਨੂੰ ਤਰਜੀਹ ਦੇਣੀ ਚਾਹੀਦੀ ਹੈ ਅਤੇ ਇਸ ਨੂੰ ਢਾਹ ਲਾਉਣ ਵਾਲੀ ਕਿਸੇ ਵੀ ਕਾਰਵਾਈ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

# ਮਿਸ਼ਨ ਹਨੇਰੇ ਤੋਂ ਚਾਨਣ ਵੱਲ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ- ਅਸ਼ੋਕ ਮਹਿਰਾ



ਫਗਵਾੜਾ (ਸੁਸ਼ੀਲ ਸ਼ਰਮਾ) ਪੁਨਰਜੋਤ ਦੇ ਸਟੇਟ ਅਤੇ ਅੰਤਰ ਰਾਸ਼ਟਰੀ ਕੋਆਰਡੀਨੇਟਰ ਅਸ਼ੋਕ ਮਹਿਰਾ ਨੇ ਦੱਸਿਆ ਕਿ ਪੁਨਰਜੋਤ ਆਈ ਬੈਂਕ ਸੁਸਾਇਟੀ, ਲੁਧਿਆਣਾ ਵਲੋਂ ਪੰਜਾਬ ਵਿੱਚ ਡਾਕਟਰ ਸਹਿਬਾਨ,ਪੈਰਾ ਮੈਡੀਕਲ ਸਟਾਫ,ਗੈਰ ਸਰਕਾਰੀ ਸਮਾਜ ਸੇਵੀ ਸੰਸਥਾਵਾਂ ਸਮੇਤ ਹਰ ਵਰਗ ਦੇ ਵਢਮੁੱਲੇ ਸਹਿਯੋਗ ਸਦਕਾ ਪਿਛਲੇ 30 ਸਾਲਾਂ ਤੋਂ ਅਰੰਭੇ ਗਏ ਮਿਸ਼ਨ 'ਹਨੇਰੇ ਤੋਂ ਚਾਨਣ ਵੱਲ' ਤਹਿਤ ਅੱਖਾਂ ਦਾਨ ਮਹਾਂ ਦਾਨ ਦੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਹਨਾਂ ਦੱਸਿਆ ਕਿ ਮਿਸ਼ਨ ਪੁਨਰਜੋਤ ਦੇ ਤਹਿਤ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਵਿਚ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਲੋਕਾਂ ਨੂੰ ਅੱਖਾਂ ਦਾਨ ਬਾਰੇ ਜਾਗ੍ਰਿਤ ਕੀਤਾ ਜਾਂਦਾ ਹੈ। ਜਿਸਦੇ ਤਹਿਤ ਬੀਤੇ ਦਿਨੀ ਪੁਨਰਜੋਤ ਆਈ ਬੈਂਕ ਸੁਸਾਇਟੀ,ਲੁਧਿਆਣਾ ਨੂੰ ਵੱਖ ਵੱਖ ਤਿੰਨ ਜਿਲ੍ਹਿਆਂ ਜਲੰਧਰ, ਰੂਪ ਨਗਰ ਤੇ ਕਪੂਰਥਲਾ ਵਿਚੋਂ 12 ਘੰਟੇ 'ਚ ਦਾਨ ਕੀਤੀਆਂ 6 ਅੱਖਾਂ ਪ੍ਰਾਪਤ ਹੋਈਆਂ ਹਨ। ਅਸ਼ੋਕ ਮਹਿਰਾ ਨੇ ਦੱਸਿਆ ਕਿ ਜਲੰਧਰ ਦੇ ਵਸਨੀਕ ਸ਼ੀਲਾ ਰਾਣੀ, ਰੋਪੜ ਦੇ ਸੰਜੇ ਜੈਨ ਅਤੇ ਫਗਵਾੜਾ ਦੇ ਇਕ ਬਜੁਰਗ ਦਾ ਦੇਹਾਂਤ ਹੋਣ ਤੇ ਪਰਿਵਾਰਕ ਮੈਂਬਰਾਂ ਨੇ ਅੱਖਾਂ ਦਾਨ ਕੀਤੀਆਂ ਹਨ। ਜਿਹਨਾਂ ਦੇ ਘਰ ਜਾ ਕੇ ਪੁਨਰਜੋਤ ਆਈ ਬੈਂਕ ਦੀ ਟੀਮ ਵਲੋਂ ਅੱਖਾਂ ਪ੍ਰਾਪਤ ਕੀਤੀਆਂ ਗਈਆਂ। ਉਹਨਾਂ ਕਿਹਾ ਕਿ ਇਸ ਵੱਡਮੁਲੇ ਯੋਗਦਾਨ ਨਾਲ ਛੇ ਦ੍ਰਿਸ਼ਟੀਹੀਣਾਂ ਦੀ ਦੁਨੀਆ ਰੌਸ਼ਨ ਹੋ ਸਕੇਗੀ। ਉਹਨਾਂ ਕਿਹਾ ਕਿ ਸਮਾਜ ਨੂੰ ਇਸ ਗੱਲ ਲਈ ਜਾਗਰੁਕ ਕੀਤਾ ਜਾ ਰਿਹਾ ਹੈ ਕਿ ਆਤਮਾ ਦੇ ਸ਼ਰੀਰ ਤਿਆਗ ਜਾਣ ਉਪਰੰਤ ਸ਼ਰੀਰ ਨੂੰ ਅਗਨ ਭੇਂਟ ਕਰਨ ਜਾਂ ਦਫਨਾਉਣ ਤੋਂ ਪਹਿਲਾਂ ਟਰਾਂਸਪਲਾਂਟ ਕੀਤੇ ਜਾ ਸਕਦੇ ਅੰਗਾਂ ਨੂੰ ਲੋੜਵੰਦਾਂ ਲਈ ਦਾਨ ਕੀਤਾ ਜਾਣਾ ਚਾਹੀਦਾ ਹੈ। ਇਸ ਦੌਰਾਨ ਡਾ. ਰਮੇਸ਼ ਡਾਇਰੈਕਟਰ ਅਤੇ ਸੁਭਾਸ਼ ਮਲਿਕ ਸਕੱਤਰ ਪੁਨਰਜੋਤ ਆਈ ਬੈਂਕ ਨੇ ਅੱਖਦਾਨੀ ਪਰਿਵਾਰਾਂ ਦਾ ਧੰਨਵਾਦ ਕੀਤਾ ਅਤੇ ਸਮਾਜ ਨੂੰ ਅਪੀਲ ਕੀਤੀ ਕਿ ਇਸ ਅੱਖਾਂ ਦਾਨ ਮੁਹਿੰਮ ਨਾਲ ਜੁੜ ਕੇ ਦ੍ਰਿਸ਼ਟੀਹੀਣ ਇਨਸਾਨਾਂ ਨੂੰ ਇਸ ਰੰਗਲੀ ਦੁਨੀਆਂ ਦੇਖਣ ਦਾ ਮੌਕਾ ਪ੍ਰਦਾਨ ਕਰੀਏ। ਅਸ਼ੋਕ ਮਹਿਰਾ ਨੇ ਦੱਸਿਆ ਕਿ ਮੌਤ ਤੋਂ ਬਾਅਦ ਵੀ ਸਾਡੀਆਂ ਅੱਖਾਂ 6-8 ਘੰਟੇ ਤੱਕ ਜੀਊਂਦੀਆਂ ਹੁੰਦੀਆਂ ਹਨ ਜੇਕਰ ਸਮੇਂ ਸਿਰ ਆਈ ਬੈਂਕ ਨੂੰ ਦਾਨ ਹੋ ਜਾਣ ਤਾਂ ਘੱਟੋ ਘੱਟ ਦੋ ਪੁਤਲੀਆਂ ਦੇ ਮਰੀਜ਼ਾਂ ਨੂੰ ਦਾਨ ਕੀਤੀਆਂ ਅੱਖਾਂ ਨਾਲ ਕੋਰਨੀਅਲ ਟਰਾਂਸਪਲਾਂਟ ਹੋ ਸਕਦਾ ਹੈ।

# ਸਰਬ ਨੌਜਵਾਨ ਸਭਾ ਨੇ ਐਸ.ਪੀ. ਫਗਵਾੜਾ ਨਾਲ ਕੀਤੀ 'ਮੈਰਾਥਨ ਅਗੇਂਸਟ ਡਰੱਗਸ' ਬਾਰੇ ਚਰਚਾ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਦੇ ਆਗੂਆਂ ਦਾ ਇਕ ਵਫਦ ਅੱਜ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਐਸ. ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਨੂੰ ਮਿਲਿਆ। ਇਸ ਦੌਰਾਨ ਉਹਨਾਂ ਨੇ ਜਿਲ੍ਹਾ ਪੁਲਿਸ ਵਲੋਂ 27 ਜਨਵਰੀ ਦਿਨ ਸੋਮਵਾਰ ਨੂੰ ਕਰਵਾਈ ਜਾ ਰਹੀ 'ਮੈਰਾਥਨ ਅਗੇਂਸਟ ਡਰੱਗਸ' ਵਿਚ ਸਭਾ ਅਤੇ ਸੁਸਾਇਟੀ ਵਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਐਸ.ਪੀ. ਰੁਪਿੰਦਰ ਕੌਰ ਭੱਟੀ ਨੇ ਦੱਸਿਆ ਕਿ 5 ਕਿੱਲੋਮੀਟਰ ਦੀ ਇਹ ਦੌੜ ਸੋਮਵਾਰ ਨੂੰ ਸਵੇਰੇ 8 ਵਜੇ ਸਕੂਲ ਆਫ ਐਮੀਨੈਂਸ (ਸ.ਸ.ਸ. ਸਕੂਲ ਲੜਕੇ) ਪੁਰਾਣਾ ਡਾਕਖਾਨਾ ਰੋਡ ਫਗਵਾੜਾ ਤੋਂ ਸ਼ੁਰੂ ਹੋਵੇਗੀ ਜੋ ਵਾਪਸ ਸਕੂਲ ਵਿਚ ਹੀ ਸਮਾਪਤ ਹੋਵੇਗੀ। ਉਹਨਾਂ ਸਮੂਹ ਸਮਾਜ ਸੇਵੀ ਜੱਥੇਬੰਦੀਆਂ ਨੂੰ ਇਸ ਮੈਰਾਥਨ ਵਿਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ ਦਿੱਤਾ ਅਤੇ ਦੱਸਿਆ ਕਿ ਪਹਿਲਾਂ ਰਜਿਸਟ੍ਰੇਸ਼ਨ ਕਰਵਾਉਣ ਵਾਲਿਆਂ ਨੂੰ ਸਰਟੀਫਿਕੇਟ ਵੀ ਦਿੱਤੇ ਜਾਣਗੇ। ਵਫਦ ਵਿਚ ਸ਼ਾਮਲ ਪ੍ਰਿੰਸੀਪਲ ਗੁਰਮੀਤ ਪਲਾਹੀ ਨੇ ਪੁਲਿਸ ਵਿਭਾਗ ਦੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦੱਸਿਆ ਅਤੇ ਕਿਹਾ ਕਿ ਨਸ਼ਿਆਂ ਦੀ ਬੁਰਾਈ ਪ੍ਰਤੀ ਆਮ ਲੋਕਾਂ ਨੂੰ ਜਾਗਰੁਕ ਕਰਨ ਦੇ ਉਦੇਸ਼ ਨਾਲ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਨੁਸਾਰ ਮੈਰਾਥਨ ਦੀ ਸਫਲਤਾ ਵਿਚ ਸਹਿਯੋਗ ਦੇ ਉਦੇਸ਼ ਨਾਲ ਸਭਾ ਵਲੋਂ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਦੀਆਂ ਲੜਕੀਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਇਸ ਮੌਕੇ ਟਰੈਫਿਕ ਇੰਚਾਰਜ ਅਮਨ ਕੁਮਾਰ, ਥਾਣਾ ਸਦਰ ਦੇ ਐਸ.ਐਚ.ਓ. ਬਲਵਿੰਦਰ ਸਿੰਘ ਭੁੱਲਰ ਤੋਂ ਇਲਾਵਾ ਪ੍ਰਿੰਸੀਪਲ ਗੁਰਮੀਤ ਪਲਾਹੀ, ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਰਾਕੇਸ਼ ਕੋਛੜ, ਡਾ. ਵਿਜੇ ਕੁਮਾਰ, ਮੈਡਮ ਸਪਨਾ ਸ਼ਾਰਦਾ, ਜਸ਼ਨਪ੍ਰੀਤ, ਮੈਡਮ ਤਨੂੰ, ਜਗਜੀਤ ਸੇਠ ਆਦਿ ਹਾਜਰ ਸਨ।

# ਦੇਵਾ ਸਿੰਘ ਵਾਲਾ (ਵਰਿਆਹਾਂ) ਦੀ ਅਕਾਲੀ ਸਰਪੰਚ ਸਾਥੀਆਂ ਸਮੇਤ ਆਪ ਪਾਰਟੀ 'ਚ ਸ਼ਾਮਲ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੀ ਅਕਾਲ ਤਖਤ ਸਾਹਿਬ ਦੇ ਜੱਥੇਦਾਰ ਸਾਹਿਬਾਨ ਵੋਂ ਸੁਖਬੀਰ ਸਿੰਘ ਬਾਦਲ ਨੂੰ ਤਨਖਾਈਆ ਐਲਾਨੇ ਜਾਣ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ (ਬ) ਜਿੱਥੇ ਦੁਬਾਰਾ ਸਿਆਸੀ ਜਮੀਨ ਦੀ ਤਲਾਸ਼ 'ਚ ਯਤਨਸ਼ੀਲ ਹੈ, ਉੱਥੇ ਹੀ ਵਿਧਾਨਸਭਾ ਹਲਕਾ ਫਗਵਾੜਾ ਦੇ ਪਿੰਡ ਦੇਵਾ ਸਿੰਘ ਵਾਲਾ (ਵਰਿਆਹਾਂ) ਦੀ ਸਰਪੰਚ ਚਰਨਜੀਤ ਕੌਰ ਨੇ ਪਾਰਟੀ ਨੂੰ ਵੱਡਾ ਝਟਕਾ ਦਿੰਦੇ ਹੋਏ ਆਪ ਵਿਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਹੈ। ਸਰਪੰਚ ਚਰਨਜੀਤ ਕੌਰ ਤੋਂ ਇਲਾਵਾ ਆਪ ਵਿਚ ਸ਼ਾਮਲ ਹੋਏ ਕੁਲਦੀਪ ਸਿੰਘ ਨੰਬਰਦਾਰ ਤੇ ਸਾਬਕਾ ਸਰਪੰਚ, ਸਤਨਾਮ ਸਿੰਘ ਪੰਚ ਅਤੇ ਕੁਲਵੰਤ ਸਿੰਘ ਸਾਬਕਾ ਪੰਚ ਦਾ ਸਵਾਗਤ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ, ਸੂਬਾ ਸਪੋਕਸਪਰਸਨ ਹਰਜੀ ਮਾਨ ਅਤੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਵਲੋਂ ਕੀਤਾ ਗਿਆ। ਡਾ. ਚੱਬੇਵਾਲ ਨੇ ਸਰਪੰਚ ਚਰਨਜੀਤ ਕੌਰ ਅਤੇ ਸਾਥੀਆਂ ਨੂੰ ਭਰੋਸਾ ਦਿੱਤਾ ਕਿ ਜਿੱਥੇ ਉਹਨਾਂ ਨੂੰ ਪਾਰਟੀ ਵਿਚ ਪੂਰਾ ਮਾਣ ਸਤਿਕਾਰ ਮਿਲੇਗਾ, ਉੱਥੇ ਹੀ ਪਿੰਡ ਦੇ ਸਰਬ ਪੱਖੀ ਵਿਕਾਸ ਵਿਚ ਵੀ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਦਲਜੀਤ ਰਾਜੂ ਨੇ ਕਿਹਾ ਕਿ ਆਪ ਪਾਰਟੀ ਪੰਜਾਬੀਆਂ ਦੇ ਦਿਲਾਂ ਤੇ ਰਾਜ ਕਰਦੀ ਹੈ। ਬਹੁਤ ਸਾਰੀਆਂ ਪੰਚਾਇਤਾਂ ਆਪ ਦੇ ਸੰਪਰਕ ਵਿਚ ਹਨ। ਜਲਦੀ ਹੀ ਹੋਰ ਪੰਚਾਇਤਾਂ ਨੂੰ ਵੀ ਆਪ ਪਾਰਟੀ ਵਿਚ ਸ਼ਾਮਲ ਕਰਵਾਇਆ ਜਾਵੇਗਾ। ਹਰਜੀ ਮਾਨ ਨੇ ਵੀ ਸਰਪੰਚ ਚਰਨਜੀਤ ਕੌਰ ਅਤੇ ਹੋਰਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਿਸ ਤੇਜ ਗਤੀ ਨਾਲ ਪਿੰਡਾਂ ਦਾ ਵਿਕਾਸ ਕਰਵਾਇਆ ਜਾ ਰਿਹਾ ਹੈ, ਉਸ ਨਾਲ ਫਗਵਾੜਾ ਹੀ ਨਹੀਂ ਸਗੋਂ ਸਾਰੇ ਪੰਜਾਬ ਦੀਆਂ ਪੰਚਾਇਤਾਂ ਬਹੁਤ ਪ੍ਰਭਾਵਿਤ ਹਨ। ਇਸ ਮੌਕੇ ਸਰਪੰਚ ਵਰੁਣ ਬੰਗੜ ਚੱਕ ਹਕੀਮ, ਕੌਂਸਲਰ ਵਿੱਕੀ ਸੂਦ, ਬੋਬੀ ਬੇਦੀ, ਜਸਪਾਲ ਸਿੰਘ, ਕੇਸ਼ੀ ਗੰਢਵਾ, ਅਮਰਿੰਦਰ ਸਿੰਘ, ਰਵੀ ਕੁਮਾਰ ਮੰਤਰੀ ਆਦਿ ਹਾਜਰ ਸਨ।

# ਡਿਪੂ ਹੋਲਡਰ ਐਸੋਸੀਏਸ਼ਨ ਫਗਵਾੜਾ ਇਕਾਈ ਦੇ ਅਹੁਦੇਦਾਰਾਂ ਦਾ ਹੋਇਆ ਐਲਾਨ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਹਿਰ ਦੇ ਰਾਸ਼ਨ ਡਿਪੂ ਹੋਲਡਰਾਂ ਦੀ ਇਕ ਮੀਟਿੰਗ ਬੀਰਾ ਰਾਮ ਵਲਜੋਤ ਦੀ ਪ੍ਰਧਾਨਗੀ ਹੇਠ ਸਥਾਨਕ ਰੈਸਟ ਹਾਉਸ ਵਿਖੇ ਹੋਈ। ਜਿਸ ਵਿੱਚ ਡਿਪੂ ਹੋਲਡਰਜ ਐਸੋਸੀਏਸ਼ਨ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਲੋਕਲ ਬਾਡੀ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਮੀਟਿੰਗ ਦੌਰਾਨ ਬੀਰਾ ਰਾਮ ਵਲਜੋਤ ਨੂੰ ਸਰਬ ਸੰਮਤੀ ਨਾਲ ਚੇਅਰਮੈਨ ਅਤੇ ਨਿਰਮਲ ਸਿੰਘ ਨੂ ਪ੍ਰਧਾਨਗੀ ਦੇ ਅਹੁਦੇ ਨਾਲ ਨਵਾਜਿਆ ਗਿਆ। ਇਸ ਤੋਂ ਇਲਾਵਾ ਪ੍ਰਮੋਦ ਮਿਸ਼ਰਾ ਤੇ ਜਗਦੀਸ਼ ਕੁਮਾਰ ਨੂੰ ਉਪ ਪ੍ਰਧਾਨ, ਸੁਧੀਰ ਕੁਮਾਰ (ਬੱਬੂ) ਨੂੰ ਮੁੱਖ ਸਕੱਤਰ, ਰਕੇਸ਼ ਕੁਮਾਰ ਗੰਡਮਾ ਨੂੰ ਸਕੱਤਰ, ਜਸਪਾਲ ਸਿੰਘ ਨੂੰ ਕੈਸ਼ੀਅਰ, ਅਨਿਲ ਪਾਂਡੇ ਨੂੰ ਸਹਾਇਕ ਕੈਸ਼ੀਅਰ ਜਦਕਿ ਰੂਪ ਲਾਲ ਪੰਡੋਰੀ ਨੂੰ ਸਲਾਹਕਾਰ ਐਲਾਨਿਆ ਗਿਆ। ਨਵ ਨਿਯੁਕਤ ਪ੍ਰਧਾਨ ਨਿਰਮਲ ਸਿੰਘ ਨੇ ਸਮੂਹ ਡਿਪੋ ਹੋਲਡਰਾਂ ਨੂੰ ਭਰੋਸਾ ਦਿੱਤਾ ਕਿ ਉਹਨਾਂ ਦੀਆਂ ਮੁਸ਼ਕਲਾਂ ਦਾ ਢੁਕਵਾਂ ਹਲ ਕਰਵਾਇਆ ਜਾਵੇਗਾ ਅਤੇ ਹੱਕੀ ਮੰਗਾਂ ਲਈ ਪੰਜਾਬ ਇਕਾਈ ਦੀਆਂ ਹਦਾਇਤਾਂ ਅਨੁਸਾਰ ਸੰਘਰਸ਼ ਵੀ ਕੀਤਾ ਜਾਵੇਗਾ। ਸਮੂਹ ਡਿਪੂ ਹੋਲਡਰਾਂ ਵਲੋਂ ਚੇਅਰਮੈਨ ਬੀਰਾ ਰਾਮ ਵਲਜੋਤ, ਪ੍ਰਧਾਨ ਨਿਰਮਲ ਸਿੰਘ ਅਤੇ ਹੋਰਨਾਂ ਅਹੁਦੇਦਾਰਾਂ ਨੂੰ ਫੁੱਲਮਾਲਾਵਾਂ ਪਹਿਨਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੁੱਚਾ ਸਿੰਘ, ਸੇਵਾ ਸਿੰਘ, ਭਾਗਮਲ, ਚਮਨ ਲਾਲ, ਇੰਦਰਜੀਤ, ਅਮਰਜੀਤ, ਗੁਲਜਾਰ ਸਿੰਘ, ਸਰਬਜੀਤ ਸਿੰਘ, ਮੁਨੀਸ਼ ਗੁਪਤਾ, ਦਰਸ਼ਨ ਕੁਮਾਰ ਆਦਿ ਹਾਜਰ ਸਨ।

# ਹਾਈ-ਵੇ ਜਾਮ ਲਈ ਐਤਵਾਰ ਨੂੰ ਪਠਾਨਕੋਟ ਕੂਚ ਕਰੇਗਾ ਸ਼ਿਵ ਸੈਨਿਕਾਂ ਦਾ ਜੱਥਾ - ਕਮਲ ਸਰੋਜ





ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਿਵ ਸੈਨਾ ਯੂ.ਬੀ.ਟੀ ਦੇ ਪੰਜਾਬ ਪ੍ਰਧਾਨ ਯੋਗਰਾਜ ਸ਼ਰਮਾ ਵਲੋਂ ਪਠਾਨਕੋਟ ਜੇਲ੍ਹ ਸੁਪਰਿਡੇਂਟ ਦੇ ਮਾੜੇ ਵਿਵਹਾਰ ਦੇ ਰੋਸ ਵਜੋਂ 26 ਜਨਵਰੀ ਨੂੰ ਪਠਾਨਕੋਟ ਹਾਈ-ਵੇ ਜਾਮ ਕਰਨ ਦਾ ਜੋ ਸੱਦਾ ਦਿੱਤਾ ਹੈ, ਉਸ ਨੂੰ ਸਫਲ ਬਨਾਉਣ ਲਈ ਪੰਜਾਬ ਭਰ ਤੋਂ ਸ਼ਿਵ ਸੈਨਿਕ 26 ਜਨਵਰੀ ਨੂੰ ਪਠਾਨਕੋਟ ਪਹੁੰਚਣਗੇ। ਇਹ ਜਾਣਕਾਰੀ ਸ਼ਿਵ ਸੈਨਾ ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਅਤੇ ਸੀਨੀਅਰ ਆਗੂ ਬਲਜੀਤ ਸਿੰਘ ਭੁੱਲਾਰਾਈ ਨੇ ਅੱਜ ਇੱਥੇ ਗੱਲਬਾਤ ਦੌਰਾਨ ਦਿੱਤੀ ਹੈ। ਉਹਨਾਂ ਨੇ ਕਿਹਾ ਕਿ ਸ਼ਿਵ ਸੈਨਾ ਇੱਕ ਰਾਸ਼ਟਰਵਾਦੀ ਸੰਗਠਨ ਹੈ ਜਿਸ ਨੇ ਪੰਜਾਬ ਦੀ ਸ਼ਾਂਤੀ ਬਹਾਲੀ ਲਈ ਕੁਰਬਾਨੀਆਂ ਦਿੱਤੀਆਂ ਹਨ। ਅੱਤਵਾਦ ਦੇ ਕਾਲੇ ਦੌਰ ਵਿੱਚ, ਸ਼ਿਵ ਸੈਨਾ ਹੀ ਪੁਲਿਸ ਅਤੇ ਸੀਆਰਪੀਐਫ ਦੇ ਜਵਾਨਾਂ ਨਾਲ ਮੋਢਾ ਜੋੜ ਕੇ ਖੜੀ ਸੀ। ਇਸ ਲਈ ਸ਼ਿਵ ਸੈਨਾ ਦੇ ਪੰਜਾਬ ਪ੍ਰਧਾਨ ਨਾਲ ਕਿਸੇ ਵੀ ਪੁਲਿਸ ਅਧਿਕਾਰੀ ਦੀ ਬਦਸਲੂਕੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਐਤਵਾਰ 26 ਜਨਵਰੀ ਨੂੰ ਸ਼ਿਵ ਸੈਨਿਕਾਂ ਦਾ ਜੱਥਾ ਫਗਵਾੜਾ ਤੋਂ ਪਠਾਨਕੋਟ ਲਈ ਕੂਚ ਕਰੇਗਾ।

# ਨਗਰ ਨਿਗਮ ਅਧਿਕਾਰੀਆਂ ਕਰਮਚਾਰੀਆਂ ਨੇ ਗੋਲ ਬਾਗ ਵਿੱਚੋਂ ਪਲਾਸਟਿਕ ਦੀ ਗੰਦਗੀ ਉਠਾਈ



ਫ਼ਗਵਾੜਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਅੰਮ੍ਰਿਤਸਰ ਦੀ ਜ਼ੋਨ ਨੋਰਥ ਵੱਲੋਂ ਪੀ ਐਮ ਡੀ ਸੀ ਚੰਡੀਗੜ ਵੱਲੋਂ ਉਲੀਕੇ ਪ੍ਰੋਗਰਾਮ ਤੇ ਗੁਲਪ੍ਰੀਤ ਸਿੰਘ ਕਮਿਸ਼ਨਰ ਨਗਰ ਨਿਗਮ ਦੀਆਂ ਹਦਾਇਤਾਂ ਡਾ.ਯੋਗੇਸ ਅਰੋੜਾ ਸਿਹਤ ਅਫਸਰ ਦੀ ਅਗਵਾਈ ਵਿੱਚ ਮਲਕੀਤ ਸਿੰਘ ਖਹਿਰਾ ਚੀਫ ਸੈਂਟਰੀ ਇੰਸਪੈਕਟਰ, ਹਰਿੰਦਰਪਾਲ ਸਿੰਘ ਸੈਂਟਰੀ ਇੰਸਪੈਕਟਰ ਅਤੇ ਪ੍ਰਿਅੰਕਾ ਸ਼ਰਮਾ ਸੀ.ਐਫ.ਅਤੇ ਤਾਜ ਹੋਟਲ ਦੇ ਮੈਡਮ ਸੋਨੀਆ ਸਮੇਤ ਸਟਾਫ ਵੱਲੋਂ ਗੋਲ ਬਾਗ ਵਿੱਚ ਪਲਾਸਟਿਕ ਪਲੋਗਿੰਗ ਕਰਕੇ ਪਲਾਸਟਿਕ ਇਕੱਠੀ ਕੀਤੀ ਗਈ ਅਤੇ ਪਬਲਿਕ ਨੂੰ ਸਾਫ ਸਫ਼ਾਈ ਵਿੱਚ ਨਗਰ ਨਿਗਮ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਕਿ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਸੈਗਰੀਗੇਸਨ ਕਰਕੇ ਗਿੱਲਾ ਕੂੜਾ ਅਲੱਗ ਨਗਰ ਨਿਗਮ ਨੂੰ ਦੇਣ ਤਾਂ ਜੋ ਗਿੱਲੇ ਕੂੜਾ ਤੋ ਖਾਦ ਤਿਆਰ ਕਰਕੇ ਕੂੜੇ ਨੂੰ ਦੁਬਾਰਾ ਵਰਤੋਂ ਵਿੱਚ ਲਿਆਂਦਾ ਜਾਵੇ ਤੇ ਕੂੜੇ ਨੂੰ ਘੱਟ ਕਰਕੇ ਵਾਤਾਵਰਨ ਨੂੰ ਦੂਸਿਤ ਹੋਣ ਤੋਂ ਬਚਾਇਆ ਜਾ ਸਕੇ ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਨਵੀਂ ਗਊਸ਼ਾਲਾ ਬਣਾਉਣ ਦੇ ਮੁੱਦੇ ਨੂੰ ਲੈ ਕੇ ਗਊਸ਼ਾਲਾ ਪ੍ਰਬੰਧਕ ਅਤੇ ਸਮਾਜ ਸੇਵੀ ਗਊਆਂ ਲੈ ਕੇ ਪਹੁੰਚੇ ਨਗਰ ਕੌਂਸਲ ਖਰੜ ਦੇ ਦਫ਼ਤਰ








ਖਰੜ, (ਕਾਲਾ ਸਿੰਘ ਸੈਣੀ )-ਸ਼ਹਿਰ ਖਰੜ ਦੇ ਵਿੱਚ ਗਊਸ਼ਾਲਾ ਨਵੀਂ ਗਊਸ਼ਾਲਾ ਬਣਾਉਣ ਦੇ ਮੁੱਦੇ ਨੂੰ ਲੈ ਕੇ ਅੱਜ ਸ੍ਰੀ ਬਾਂਕੇ ਬਿਹਾਰੀ ਸੇਵਾ ਸੰਮਤੀ ਗਊਸ਼ਾਲਾ ਲਾਂਡਰਾਂ ਰੋਡ ਖਰੜ ਦੇ ਪ੍ਰਬੰਧਕਾਂ ਵੱਲੋਂ ਅਤੇ ਸਮਾਜ ਸੇਵੀ ਆਗੂਆਂ ਵੱਲੋਂ ਗਊਸ਼ਾਲਾ ਤੋਂ ਗਊਆਂ ਨੂੰ ਨਾਲ ਲੈ ਕੇ ਨਗਰ ਕੌਂਸਲ ਖਰੜ ਦੇ ਦਫ਼ਤਰ ਪਹੁੰਚੇ। ਇਸ ਮੌਕੇ ਨਗਰ ਕੌਂਸਲ ਦੇ ਗੇਟ ਦੇ ਬਾਹਰ ਗਊਆਂ ਲੈ ਕੇ ਪਹੁੰਚੇ ਸ਼ਹਿਰ ਨਿਵਾਸੀਆਂ ਨੂੰ ਪੁਲਸ ਵੱਲੋਂ ਕੌਂਸਲ ਦੇ ਮੇਟ ਗੇਟ 'ਤੇ ਹੀ ਰੋਕ ਦਿੱਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸਮਾਜ ਸੇਵੀ ਆਗੂ ਹਰਜੀਤ ਸਿੰਘ ਪੰਨੂ ਅਤੇ ਗਊਸ਼ਾਲਾ ਦੇ ਮੁੱਖ ਸੰਚਾਲਕ ਭੁਪਿੰਦਰ ਸ਼ਰਮਾ ਨੇ ਦੱਸਿਆ ਕਿ ਉਨਾਂ ਵੱਲੋਂ ਨਗਰ ਕੌਂਸਲ ਖਰੜ ਨੂੰ ਵਾਰ-ਵਾਰ ਬੇਨਤੀ ਕੀਤੀ ਜਾ ਰਹੀ ਸੀ ਕਿ ਸ਼ਹਿਰ ਦੇ ਵਿੱਚ ਗਊ ਧਨ ਬਹੁਤ ਜ਼ਿਆਦਾ ਹੈ ਜਿਸ ਕਾਰਨ ਨਵੀਂ ਗਊਸ਼ਾਲਾ ਦੀ ਉਸਾਰੀ ਕੀਤੀ ਜਾਵੇ ਜਿਸ ਸਬੰਧੀ ਸਾਲ 2016 ਦੇ ਵਿੱਚ ਮਤਾ ਪੈ ਕੇ ਫੰਡ ਵੀ ਜਾਰੀ ਹੋ ਚੁੱਕਾ ਹੈ ਪਰ ਇਸ ਸਬੰਧੀ ਹਾਲੇ ਤੱਕ ਨਗਰ ਕੌਂਸਲ ਵੱਲੋਂ ਕਿਸੇ ਕਿਸਮ ਦੀ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨਾਂ ਦੱਸਿਆ ਕਿ ਅੱਜ ਚੇਤਾਵਨੀ ਦੇਣ ਤੋਂ ਬਾਅਦ ਵੀ ਨਗਰ ਕੌਂਸਲ ਦੀ ਹੋ ਰਹੀ ਮੀਟਿੰਗ ਦੇ ਵਿੱਚ ਗਊਸ਼ਾਲਾ ਸਬੰਧੀ ਕੋਈ ਮਤਾ ਨਹੀਂ ਲਿਆਂਦਾ ਗਿਆ ਜਿਸ ਦੇ ਰੋਸ ਵਜੋਂ ਉਹ ਅੱਜ ਗਊਆਂ ਲੈ ਕੇ ਨਗਰ ਕੌਂਸਲ ਦਫਤਰ ਅੱਗੇ ਪਹੁੰਚੇ ਹਨ। ਉਨਾਂ ਕਿਹਾ ਕਿ ਨਗਰ ਕੌਂਸਲ ਪ੍ਰਧਾਨ ਤੇ ਕੌਂਸਲਰ ਇਸ ਪ੍ਰਤੀ ਸੰਜੀਦਾ ਨਹੀਂ ਹਨ ਕਿ ਸ਼ਹਿਰ ਦੀ ਤਰੱਕੀ ਹੋਵੇ। ਉਨਾਂ ਦੱਸਿਆ ਕਿ ਸਾਢੇ 17 ਏਕੜ ਦੇ ਕਰੀਬ ਜਗਾ ਨਗਰ ਕੌਂਸਲ ਕੋਲ ਪਈ ਹੈ ਜਿਸ ਵਿਚ ਗਊਸ਼ਾਲਾ ਬਣਾਉਣ ਲਈ ਸਵਾ ਕਰੋੜ ਰੁਪਏ ਦੀ ਰਾਸ਼ੀ ਵੀ ਜਾਰੀ ਕੀਤੀ ਜਾ ਚੁੱਕੀ ਹੈ ਪਰ ਇਸ ਸਬੰਧੀ ਕਿਸੇ ਵੀ ਅਧਿਕਾਰੀ ਜਾਂ ਕੌਂਸਲਰ ਦਾ ਕੋਈ ਧਿਆਨ ਨਹੀਂ ਗਿਆ। ਉਨਾਂ ਕਿਹਾ ਕਿ ਜੇਕਰ ਹਾਲੇ ਵੀ ਗਊਸ਼ਾਲਾ ਬਣਾਉਣ ਸਬੰਧੀ ਕੰਮ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿਚ ਜੋ ਪ੍ਰਸਾਸ਼ਨ ਵੱਲੋਂ ਉਨਾਂ ਨੂੰ 70 ਗਊਆਂ ਦਿੱਤੀਆਂ ਗਈਆਂ ਸਨ ਉਨਾਂ ਨੂੰ ਵਾਰੀ-ਵਾਰੀ ਪਹਿਲਾਂ ਨਗਰ ਕੌਂਸਲ ਪ੍ਰਧਾਨ ਫਿਰ ਸਾਰੇ ਕੌਂਸਲਰਾਂ, ਫਿਰ ਹਲਕਾ ਵਿਧਾਇਕ ਦੇ ਘਰ ਦੇ ਬਾਹਰ ਲੈ ਕੇ ਜਾਇਆ ਜਾਵੇਗਾ। ਉਨਾਂ ਕਿਹਾ ਕਿ ਇਸ ਤੋਂ ਬਾਅਦ ਗਊਆਂ ਨੂੰ ਨਾਲ ਲਿਜਾ ਕੇ ਵਿਧਾਨ ਸਭਾ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਨਗਰ ਕੌਂਸਲ ਦੀ ਚਲਦੀ ਮੀਟਿੰਗ ਛੱਡ ਕੇ ਕਾਰਜ ਸਾਧਕ ਅਫ਼ਸਰ ਖਰੜ ਰਵੀ ਕੁਮਾਰ ਜਿੰਦਲ ਗੇਟ ਤੇ ਆ ਕੇ ਸਮਾਜ ਸੇਵੀ ਆਗੂਆਂ ਤੇ ਗਊਸ਼ਾਲਾ ਦੇ ਪ੍ਰਬੰਧਕਾਂ ਨੂੰ ਭਰੋਸਾ ਦਵਾਇਆ ਕਿ ਉਹ ਅੱਜ ਹੀ ਗਊਸ਼ਾਲਾ ਬਣਾਉਣ ਸਬੰਧੀ ਪੱਤਰ ਜਾਰੀ ਕਰਨਗੇ। ਇਸ ਮੌਕੇ ਗਊਆਂ ਲੈ ਕੇ ਨਗਰ ਕੌਂਸਲ ਦਫਤਰ ਪਹੁੰਚੇ ਸਮਾਜ ਸੇਵੀ ਆਗੂਆਂ ਵੱਲੋਂ ਨਗਰ ਕੌਂਸਲ ਦੀ ਚਲਦੀ ਮੀਟਿੰਗ ਦੇ ਵਿੱਚ ਹੀ ਗਊਸ਼ਾਲਾ ਨਾ ਬਣਾਉਣ ਸਬੰਧੀ ਰੋਸ ਪ੍ਰਗਟ ਕੀਤਾ ਗਿਆ। ਜਿਸ ਤੋਂ ਬਾਅਦ ਕਾਰਜ ਸਾਧਕ ਅਫਸਰ ਵੱਲੋਂ ਪੱਤਰ ਲਿਖ ਕੇ ਭਰੋਸਾ ਦਵਾਇਆ ਗਿਆ ਕਿ ਸਿਵਜੋਤ ਕਲੋਨੀ ਦੇ ਪਿੱਛੇ ਪਈ ਖਾਲੀ ਜਗਾ ਵਿਚ ਐਨੀਮਲ ਸੈਨਚੁਅਰੀ ਬਣਾਉਣ ਦਾ ਮਤਾ ਪ੍ਰਵਾਨ ਕੀਤਾ ਗਿਆ ਸੀ ਇਸ ਮਤੇ ਸਬੰਧੀ ਜੋ ਖਰਚਾ ਪ੍ਰਵਾਨ ਕੀਤਾ ਗਿਆ ਸੀ ਉਸ ਸਬੰਧੀ 15-20 ਦਿਨਾਂ ਅੰਦਰ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ ਅਤੇ ਜੇਕਰ ਟੈਂਡਰ ਲਗਾਉਣਾ ਲੋੜੀਂਦਾ ਹੋਇਆ ਉਸ ਸਬੰਧੀ ਵੀ ਨਿਯਮਾਂ ਅਨੁਸਾਰ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

" ਇਸ ਮੌਕੇ ਸ਼ਹਿਰ ਨਿਵਾਸੀਆਂ ਦੇ ਗਊਆਂ ਨੂੰ ਨਾਲ ਲਿਜਾ ਕੇ ਨਗਰ ਕੌਂਸਲ ਦਫਤਰ ਵਿਚ ਪਹੁੰਚਣ ਤੋਂ ਪਹਿਲਾਂ ਹੀ ਐਸ.ਐਚ.ਓ. ਸਿਟੀ ਅਜੀਤੇਸ਼ ਕੌਂਸਲ ਦੀ ਅਗਵਾਈ ਵਿਚ ਪੁਲਸ ਵੱਲੋਂ ਭਾਰੀ ਸੁਰੱਖਿਆ ਪ੍ਰਬੰਧ ਕੀਤੇ ਹੋਏ ਸਨ। ਇਸ ਦੌਰਾਨ ਪੁਲਸ ਵੱਲੋਂ ਨਗਰ ਕੌਂਸਲ ਦੇ ਮੁੱਖ ਗੇਟ ਨੂੰ ਬੰਦ ਕਰ ਦਿੱਤਾ ਗਿਆ ਅਤੇ ਗਊਆਂ ਦੀਆਂ ਗੱਡੀਆਂ ਨੂੰ ਅੰਦਰ ਨਹੀਂ ਜਾਣ ਦਿੱਤਾ ਗਿਆ। ਮਾਮਲਾ ਵਧਦਾ ਦੇਖ ਕੇ ਕਾਰਜ਼ ਸਾਧਕ ਅਫ਼ਸਰ ਰਵੀ ਕੁਮਾਰ ਜਿੰਦਲ ਮੀਟਿੰਗ ਛੱਡ ਕੇ ਖੁਦ ਮੇਨ ਗੇਟ 'ਤੇ ਆਏ ਅਤੇ ਪ੍ਰਬੰਧਕਾਂ ਨੂੰ ਅੰਦਰ ਲੈ ਗਏ।"

# ਬੇਟੀਆਂ ਨੂੰ ਸਮਾਨ ਅਧਿਕਾਰ ਦੇਣਾਂ ਦੀ ਲੋੜ : ਡਾ ਰਿਚਾ ਭਾਟੀਆ



ਫ਼ਗਵਾੜਾ (ਸੁਸ਼ੀਲ ਸ਼ਰਮਾ) ਬੇਟੀਆਂ ਇਸ ਸਮਾਜ ਦਾ ਅਹਿਮ ਅੰਗ ਹਨ ਤੇ ਉਨ੍ਹਾਂ ਬਿਨ੍ਹਾਂ ਸਮਾਜ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੈਸ਼ਨਲ ਗਰਲਜ਼ ਚਾਈਲਡ ਦਿਵਸ ਮੌਕੇ ਕਰਵਾਏ ਜ਼ਿਲ੍ਹਾ ਪੱਧਰੀ ਸੈਮੀਨਾਰ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਬੇਟੀਆਂ ਸ੍ਰਿਸ਼ਟੀ ਦਾ ਆਧਾਰ ਹਨ ਤੇ ਇਨ੍ਹਾਂ ਤੋਂ ਬਿਨ੍ਹਾਂ ਕੁਦਰਤ ਦੀ ਰਚਨਾ ਦੀ ਕਲਪਨਾ ਕਰਨਾ ਵੀ ਅਸੰਭਵ ਹੈ। ਸਿਵਲ ਸਰਜਨ ਡਾ.ਰਿਚਾ ਭਾਟੀਆ ਨੇ ਕਿਹਾ ਕਿ ਬੇਟੀਆਂ ਕਿਸੇ ਵੀ ਪੱਖੋਂ ਅੱਜ ਲੜਕਿਆਂ ਨਾਲੋਂ ਘੱਟ ਨਹੀਂ ਹਨ। ਉਨ੍ਹਾਂ ਕਿਹਾ ਕਿ ਬੇਟੀਆਂ ਨੂੰ ਸਮਾਨ ਅਧਿਕਾਰ ਦਿੱਤੇ ਜਾਣ ਅਤੇ ਜਿਆਦਾ ਤੋਂ ਜਿਆਦਾ ਪੜਾਇਆ ਜਾਏ। ਇਸ ਮੌਕੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡੀ.ਐਫ.ਪੀ. ਓ.ਡਾ.ਅਸ਼ੋਕ ਕੁਮਾਰ ਨੇ ਪੀ.ਐਨ.ਡੀ.ਟੀ. ਐਕਟ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਗਰਭ ਵਿੱਚ ਪਲ ਰਹੇ ਬੱਚੇ ਦਾ ਲਿੰਗ ਨਿਰਧਾਰਣ ਟੈਸਟ ਕਰਨਾ ਕਾਨੂੰਨੀ ਜੁਰਮ ਹੈ। ਜੋ ਵੀ ਇਸ ਐਕਟ ਦੀ ਉਲੰਘਣਾ ਕਰਦਾ ਹੈ ਉਸ ਵਿਰੁੱਧ ਸਖਤ ਕਾਨੂੰਨੀ ਕੀਤੀ ਜਾਂਦੀ ਹੈ। ਉਨ੍ਹਾਂ ਆਮ ਜਨਤਾ ਨੂੰ ਅਪੀਲ ਜੇਕਰ ਕੋਈ ਵੀ ਸਕੈਨਿੰਗ ਸੈਂਟਰ ਸੈਕਸ ਡਟਰਮੀਨੇਸ ਵਰਗੀਆਂ ਗਤੀਵਿਧੀਆਂ ਕਰਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਸਿਵਲ ਸਰਜਨ ਕਪੂਰਥਲਾ ਵਿਖੇ ਕੀਤੀ ਜਾਵੇ। ਇਸ ਮੌਕੇ ਤੇ ਡੀ.ਡੀ.ਐਚ.ਓ.ਡਾ.ਕਪਿਲ ਡੋਗਰਾ,ਐਸ.ਐਮ.ਓ.ਡਾ.ਇੰਦੂ ਬਾਲਾ,ਐਸ. ਐਮ.ਓ.ਡਾ.ਰਵਜੀਤ ਸਿੰਘ,ਡਾ.ਸਿੰਮੀ ਧਵਨ,ਡਾ. ਸੁਖਵਿੰਦਰ ਕੌਰ,ਸੁਪਰਡੈਂਟ ਰਾਮ ਅਵਤਾਰ,ਡਿਪਟੀ ਮਾਸ ਮੀਡੀਆ ਅਫਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘ ਜਿਲਾ ਬੀ.ਸੀ.ਸੀ.ਜੋਤੀ ਆਨੰਦ,ਬੀ.ਈ.ਈ.ਰਵਿੰਦਰ ਜੱਸਲ,ਟ੍ਰੈਨਿੰਗ ਇੰਚਾਰਜ ਵਿਸ਼ਾਲ ਪ੍ਰਭੂ ਜੀ ਆਦਿ ਹਾਜ਼ਰ ਸਨ।

# ਫਗਵਾੜਾ 'ਚ ਲੋਕਤੰਤਰ ਦਾ ਕਤਲ ਕਰਨ 'ਤੇ ਉਤਾਰੂ ਆਮ ਆਦਮੀ ਪਾਰਟੀ - ਬਲਵਿੰਦਰ ਸਿੰਘ ਧਾਲੀਵਾਲ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਕਾਰਪੋਰੇਸ਼ਨ ਦੇ ਨਵੇਂ ਚੁਣੇ ਗਏ ਕੌਂਸਲਰਾਂ ਦੀ ਸ਼ਨੀਵਾਰ 25 ਜਨਵਰੀ ਨੂੰ ਹੋਣ ਜਾ ਰਹੀ ਪਹਿਲੀ ਮੀਟਿੰਗ ਤੋਂ ਪਹਿਲਾਂ ਸ਼ਹਿਰ ਦੇ ਲੋਕ ਜਿੱਥੇ ਕਾਂਗਰਸ ਪਾਰਟੀ ਦਾ ਮੇਅਰ ਬਣਨ ਨੂੰ ਲੈ ਕੇ ਆਸਵੰਦ ਹਨ ਅਤੇ ਮੇਅਰ ਦੇ ਨਾਮ ਨੂੰ ਲੈ ਕੇ ਆਪੋ ਆਪਣੇ ਅੰਦਾਜੇ ਵੀ ਲਗਾਏ ਜਾ ਰਹੇ ਹਨ, ਉੱਥੇ ਹੀ ਜਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਹਲਕਾ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਅੱਜ ਸਨਸਨੀਖੇਜ ਖੁਲਾਸਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਹਾਲੇ ਵੀ ਕਾਂਗਰਸ ਪਾਰਟੀ ਦੇ ਕੌਂਸਲਰਾਂ ਨੂੰ ਡਰਾ-ਧਮਕਾ ਕੇ ਤੋੜਨ ਦਾ ਹਰ ਸੰਭਵ ਯਤਨ ਕਰ ਰਹੀ ਹੈ ਜੋ ਕਿ ਲੋਕਤੰਤਰ ਦਾ ਕਤਲ ਕਰਨ ਦੀ ਘਿਨਾਉਣੀ ਕੋਸ਼ਿਸ਼ ਹੈ। ਉਹਨਾਂ ਕਿਹਾ ਕਿ ਫਗਵਾੜਾ ਦੇ ਲੋਕਾਂ ਨੇ ਕੁੱਲ 50 ਵਿੱਚੋਂ ਕਾਂਗਰਸ ਪਾਰਟੀ ਦੇ 22 ਅਤੇ ਸਹਿਯੋਗੀ ਪਾਰਟੀ ਦੇ ਤਿੰਨ ਕੌਂਸਲਰਾਂ ਨੂੰ ਚੁਣ ਕੇ ਪੰਜਾਹ ਫੀਸਦੀ ਜਨਮਤ ਦਾ ਸਪਸ਼ਟ ਫੈਸਲਾ ਦਿੱਤਾ ਹੈ। ਇਸ ਤੋਂ ਇਲਾਵਾ ਦੋ ਆਜਾਦ ਉਮੀਦਵਾਰਾਂ ਨੇ ਵੀ ਕਾਂਗਰਸ ਪਾਰਟੀ ਨੂੰ ਆਪਣਾ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਪਰ ਇਸ ਦੇ ਬਾਵਜੂਦ ਆਮ ਆਦਮੀ ਪਾਰਟੀ ਦੇ ਆਗੂ ਲੋਕਾਂ ਦੇ ਫੈਸਲੇ ਨੂੰ ਸਿਰ ਝੁਕਾਅ ਕੇ ਸਵੀਕਾਰ ਕਰਨ ਦੀ ਬਜਾਏ ਦੰਡ-ਭੇਦ ਦੀ ਨੀਤੀ ਤੇ ਚਲਦਿਆਂ ਲੋਕਾਂ ਦੇ ਫੈਸਲੇ ਦਾ ਨਿਰਾਦਰ ਕਰ ਰਹੇ ਹਨ। ਜਿਸ ਨੂੰ ਲੋਕਸ਼ਾਹੀ ਵਿਚ ਬਿਲਕੁਲ ਵੀ ਸਵੀਕਾਰ ਨਹੀਂ ਕੀਤਾ ਜਾ ਸਕਦਾ। ਉਹਨਾਂ ਨੇ ਕਾਰਪੋਰੇਸ਼ਨ ਦੀ ਪਹਿਲੀ ਮੀਟਿੰਗ ਕਾਰਪੋਰੇਸ਼ਨ ਹਾਲ ਦੀ ਬਜਾਏ ਆਡੀਟੋਰੀਅਮ ਵਿਚ ਕਰਵਾਏ ਜਾਣ ਨੂੰ ਲੈ ਕੇ ਵੀ ਖਦਸ਼ੇ ਪ੍ਰਗਟਾਏ ਅਤੇ ਕਿਹਾ ਕਿ ਇਹ ਸਭ ਕੁੱਝ ਸੋਚੀ ਸਮਝੀ ਸਾਜਿਸ਼ ਤਹਿਤ ਭਗਵੰਤ ਮਾਨ ਸਰਕਾਰ ਦੀ ਸ਼ਹਿ ਤੇ ਆਪ ਪਾਰਟੀ ਦੀ ਲੋਕਲ ਲੀਡਰਸ਼ਿਪ ਵਲੋਂ ਕੀਤਾ ਜਾ ਰਿਹਾ ਹੈ। ਧਾਲੀਵਾਲ ਨੇ ਸਪਸ਼ਟ ਸ਼ਬਦਾਂ ਵਿਚ ਚਿਤਾਵਨੀ ਦਿੱਤੀ ਕਿ ਜੇਕਰ ਆਪ ਪਾਰਟੀ ਵਲੋਂ ਲੋਕਤੰਤਰ ਦੇ ਵਿਰੁੱਧ ਕੋਈ ਵੀ ਗਲਤ ਹਰਕਤ ਕੀਤੀ ਗਈ ਤਾਂ ਕਾਂਗਰਸ ਲਈ ਅੱਜ ਵੀ ਅਦਾਲਤ ਦੇ ਦਰਵਾਜੇ ਖੁੱਲ੍ਹੇ ਹਨ। ਇੱਥੇ ਜਿਕਰਯੋਗ ਹੈ ਕਿ ਪੰਜਾਬ ਸਰਕਾਰ ਵਲੋਂ ਕਾਰਪੋਰੇਸ਼ਨ ਚੋਣਾਂ ਵੀ ਮਾਣਯੋਗ ਹਾਈਕੋਰਟ ਤੇ ਸੁਪਰੀਮ ਕੋਰਟ ਦੀ ਫਟਕਾਰ ਤੋਂ ਬਾਅਦ ਬੀਤੀ 21 ਦਸੰਬਰ ਨੂੰ ਕਰਵਾਈਆਂ ਗਈਆਂ ਸਨ। ਪਰ ਸੂਬੇ ਦੀ ਸੱਤਾ ਧਿਰ ਆਪ ਨੂੰ ਬਹੁਮਤ ਨਾ ਮਿਲਣ ਕਰਕੇ ਹੁਣ ਤੱਕ ਨਗਰ ਨਿਗਮ ਦੀ ਪਹਿਲੀ ਮੀਟਿੰਗ ਨੂੰ ਟਾਲਿਆ ਜਾ ਰਿਹਾ ਸੀ। ਆਪ ਆਗੂ ਖੁੱਲ੍ਹੇ ਤੌਰ ਤੇ ਦਾਅਵਾ ਕਰਦੇ ਰਹੇ ਹਨ ਕਿ ਜੇਕਰ ਫਗਵਾੜਾ 'ਚ ਮੇਅਰ ਬਣੇਗਾ ਤਾਂ ਉਹਨਾਂ ਦੀ ਪਾਰਟੀ ਦਾ ਹੀ ਬਣੇਗਾ। ਹੁਣ ਵਿਧਾਇਕ ਧਾਲੀਵਾਲ ਵਲੋਂ ਕੋਰਟ ਵਿਚ ਜਾਣ ਦੀ ਚਿਤਾਵਨੀ ਤੋਂ ਬਾਅਦ ਇੱਕ ਵਾਰ ਫਿਰ ਇਹ ਸਵਾਲ ਖੜਾ ਹੋ ਗਿਆ ਹੈ ਕਿ ਪੰਜ ਸਾਲ ਦੇ ਲੰਮੇ ਇੰਤਜਾਰ ਤੋਂ ਬਾਅਦ ਹੋਈਆਂ ਕਾਰਪੋਰੇਸ਼ਨ ਚੋਣਾਂ ਦੇ ਬਾਵਜੂਦ ਕੀ ਫਗਵਾੜਾ ਨੂੰ ਕੋਈ ਮੇਅਰ ਮਿਲੇਗਾ? ਜਾਂ ਹਾਲੇ ਹੋਰ ਲੰਮਾ ਇੰਤਜਾਰ ਕਰਨਾ ਪਵੇਗਾ। ਜੇਕਰ ਸ਼ਨੀਵਾਰ ਨੂੰ ਕਿਸੇ ਵੀ ਕਾਰਨ ਕਾਂਗਰਸ ਦਾ ਮੇਅਰ ਨਾ ਬਣਿਆ ਅਤੇ ਮਾਮਲਾ ਦੁਬਾਰਾ ਅਦਾਲਤ ਵਿਚ ਪਹੁੰਚਿਆ ਤਾਂ ਬੇਸ਼ਕ ਆਪ ਲੀਡਰਸ਼ਿਪ ਵਕਤੀ ਤੌਰ ਤੇ ਵਿਰੋਧੀ ਧਿਰ ਦਾ ਮੇਅਰ ਨਾ ਬਣਨ ਦੇਣ ਨੂੰ ਲੈ ਕੇ ਖੁਸ਼ ਹੋ ਸਕਦੀ ਹੈ ਪਰ ਅਜਿਹੀ ਸੂਰਤ ਵਿਚ ਫਗਵਾੜਾ ਦੇ ਲੋਕਾਂ 'ਚ ਆਪ ਪਾਰਟੀ ਦਾ ਅਕਸ ਯਕੀਨੀ ਤੌਰ ਤੇ ਖਰਾਬ ਹੋਵੇਗਾ ਅਤੇ ਵੋਟਰਾਂ ਦੀ ਨਾਰਾਜਗੀ ਦਾ ਖਾਮਿਆਜਾ ਆਪ ਪਾਰਟੀ ਨੂੰ ਦੋ ਸਾਲ ਬਾਅਦ ਹੋਣ ਵਾਲੀਆਂ ਵਿਧਾਨਸਭਾ ਚੋਣਾਂ 'ਚ ਯਕੀਨੀ ਤੌਰ ਤੇ ਭੁਗਤਣਾ ਪਵੇਗਾ।

# ਸ੍ਰੀ ਸ਼ਿਵ ਸ੍ਰੀ ਸਿਰੜੀ ਸਾਈਂ ਮੰਦਰ ਖਰੜ ਦੇ 13ਵੇਂ ਸਲਾਨਾ ਸਮਾਰੋਹ ਨੂੰ ਸਮਰਪਿਤ ਪਾਲਕੀ ਸੋਭਾ ਯਾਤਰਾ ਸਜਾਈ

ਖਰੜ, (ਕਾਲਾਿ ਸੰਘ ਸੈਣੀ )- ਸ੍ਰੀ ਸ਼ਿਵ ਸ੍ਰੀ ਸਿਰੜੀ ਸਾਂਈ ਮੰਦਰ ਖਰੜ ਦੇ 13 ਵੇਂ ਸਲਾਨਾ ਸਥਾਪਨਾ ਸਮਾਰੋਹ ਨੂੰ ਸਮਰਪਿਤ ਪਾਲਕੀ ਤੇ ਸੋਭਾ ਯਾਤਰਾ ਸਜਾਈ ਗਈ ਅਤੇ ਇਸ ਸੋਭਾ ਯਾਤਰਾ ਵਿਚ ਸਾਈਂ ਦੇ ਭਗਤਾਂ ਅਤੇ ਸ਼ਹਿਰ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਸ੍ਰੀ ਸ਼ਿਵ ਸ੍ਰੀ ਸਿਰੜੀ ਸਾਈਂ ਮੰਦਰ ਸੇਵਾ ਸਮਿਤੀ ਖਰੜ ਦੇ ਪ੍ਰਧਾਨ ਕਮਲਦੀਪ ਕਰਵਲ ਨੇ ਦਸਿਆ ਕਿ ਸਾਈਂ ਭਗਤਾਂ ਅਤੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਸਿਰੜੀ ਸਾਈਂ ਮੰਦਰ ਦੁਸਹਿਰਾ ਗਰਾਊਡ ਖਰੜ ਵਿਖੇ ਸਲਾਨਾ ਸਮਾਰੋਹ ਮਨਾਇਆ ਗਿਆ। ਮੰਦਰ ਵਿਚ ਪਹਿਲਾਂ ਸਵੇਰੇ 6 ਵਜੇ ਮੰਗਲ ਇਸ਼ਨਾਨ ਅਤੇ 7:30 ਵਜੇ ਹਵਨ ਕੀਤਾ। ਸ੍ਰੀ ਸ਼ਿਵ ਸ੍ਰੀ ਸਿਰੜੀ ਸਾਈ ਮੰਦਰ ਦੁਸਹਿਰਾ ਗਰਾਊਡ ਖਰੜ ਤੋਂ ਪਾਲਕੀ ਤੇ ਸੋਭਾ ਯਾਤਰਾ ਸਜਾਈ ਗਈ ਜੋ ਕੇ ਮੰਦਰ ਤੋਂ ਆਰੰਭ ਹੋ ਕੇ ਚੰਡੀਗੜ੍ਹ ਰੋਡ, ਬੱਸ ਅੱਡਾ, ਲਾਂਡਰਾਂ ਰੋਡ, ਗਾਂਧੀ ਬਜ਼ਾਰ, ਮੇਨ ਬਜ਼ਾਰ, ਆਰੀਆਂ ਕਾਲਜ਼ ਰੋਡ ਨੂੰ ਹੁੰਦੀ ਹੋਈ ਮੰਦਰ ਵਿਚ ਸਮਾਪਿਤ ਹੋਈ। ਉਨ੍ਹਾਂ ਦਸਿਆ ਕਿ ਸਮੂਹ ਸਾਈਂ ਭਗਤਾਂ ਅਤੇ ਸ਼ਹਿਰ ਨਿਵਾਸੀਆਂ ਵਲੋਂ ਪਾਲਕੀ ਸੋਭਾ ਯਾਤਰਾ ਦਾ ਵੱਖ ਵੱਖ ਬਜ਼ਾਰਾਂ ਵਿਚ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ। ਪਾਲਕੀ ਸੋਭਾ ਯਾਤਰਾ ਦੇ ਪੁੱਜ ਤੇ ਸ਼ਰਧਾਲੂ ਅਤੇ ਸਾਈਂ ਦੇ ਭਗਤਾਂ ਨੂੰ ਲੰਗਰ ਵਰਤਾਇਆ ਗਿਆ।



# ਕੇਡੀਏ ਦੇ ਕਾਰਜਕਾਰੀ ਇੰਜਨੀਅਰ ਮਯੰਕ ਯਾਦਵ ਦੀ ਅਗਵਾਈ ਵਿੱਚ ਕਾਨਪੁਰ ਦੇ ਜਲੂਸ ਸਕੂਲਾਂ ਨੂੰ ਕਬਜ਼ੇ ਤੋਂ ਮੁਕਤ ਕਰਵਾਇਆ ਗਿਆ



ਕਾਨਪੁਰ।( ਸੁਨੀਲ ਬਾਜਪਾਈ ) ਇੱਥੋਂ ਦੀ ਕਾਨਪੁਰ ਡਿਵੈਲਪਮੈਂਟ ਅਥਾਰਟੀ ਲਗਾਤਾਰ ਆਪਣੀਆਂ ਸਾਰੀਆਂ ਜਾਇਦਾਦਾਂ ਦੀ ਹਰ ਤਰ੍ਹਾਂ ਨਾਲ ਸੁਰੱਖਿਆ ਕਰਨ ਵਿੱਚ ਲੱਗੀ ਹੋਈ ਹੈ। ਇਸ ਦੇ ਨਾਲ ਹੀ ਕਾਨਪੁਰ ਵਿਕਾਸ ਅਥਾਰਟੀ ਨੇ ਸਾਰੇ ਕਮਿਊਨਿਟੀ ਸੈਂਟਰਾਂ ਅਤੇ ਜਲੂਸ ਸਕੂਲਾਂ ਨੂੰ ਆਮ ਲੋਕਾਂ ਲਈ ਉਪਲਬਧ ਕਰਵਾਉਣ ਦੀਆਂ ਤਿਆਰੀਆਂ ਨੂੰ ਵੀ ਅੰਤਿਮ ਰੂਪ ਦੇ ਦਿੱਤਾ ਹੈ, ਜਿਸ ਤਹਿਤ ਜਲਦੀ ਹੀ ਟੈਂਡਰ ਵੀ ਜਾਰੀ ਕੀਤੇ ਜਾਣਗੇ।

ਸ਼ਹਿਰ ਦੇ ਇੱਕ ਦਰਜਨ ਦੇ ਕਰੀਬ ਜਲੂਸ ਸਕੂਲਾਂ ਨੂੰ ਸੰਭਾਲਣ ਅਤੇ ਸੰਗਠਿਤ ਕਰਨ ਦੀ ਇਸ ਮੁਹਿੰਮ ਵਿੱਚ ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਰੱਖਣ ਵਾਲੇ ਕਾਨਪੁਰ ਵਿਕਾਸ ਅਥਾਰਟੀ ਦੇ ਸਖ਼ਤ ਮਿਹਨਤੀ ਕਾਰਜਕਾਰੀ ਇੰਜੀਨੀਅਰ ਐਕਸਐਨ ਮਯੰਕ ਯਾਦਵ ਆਪਣੀ ਟੀਮ ਨਾਲ ਲਗਾਤਾਰ ਜੁਟੇ ਹੋਏ ਹਨ, ਜਿਸ ਤਹਿਤ ਉਨ੍ਹਾਂ ਸ਼ਹਿਰ ਦੇ ਇੱਕ ਦਰਜਨ ਦੇ ਕਰੀਬ ਜਲੂਸ ਵਾਲੇ ਸਕੂਲਾਂ ਨੂੰ ਵੀ ਨਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ।

ਕਾਰਜਕਾਰੀ ਇੰਜੀਨੀਅਰ ਵਜੋਂ ਆਪਣੀ ਚੁਣੌਤੀਪੂਰਨ ਨਿਯੁਕਤੀ ਤੋਂ ਲੈ ਕੇ, ਉਹ ਯੋਗੀ ਸਰਕਾਰ ਦੇ ਇਰਾਦੇ ਅਨੁਸਾਰ ਲਗਾਤਾਰ ਆਪਣੀਆਂ ਡਿਊਟੀਆਂ ਨਿਭਾਉਣ ਵਿੱਚ ਰੁੱਝੇ ਹੋਏ ਹਨ ਅਤੇ ਲੋਕ ਹਿੱਤ ਵਿੱਚ ਆਪਣੀਆਂ ਸ਼ਲਾਘਾਯੋਗ ਸੇਵਾਵਾਂ ਵਿੱਚ ਮੋਹਰੀ ਰਹੇ ਹਨ, ਮਯੰਕ ਯਾਦਵ, ਕੇਡੀਏ ਦੇ ਉੱਘੇ ਅਤੇ ਵਿਹਾਰਕ ਕਾਰਜਕਾਰੀ ਇੰਜੀਨੀਅਰ ਨੇ ਕਿਹਾ ਉਨ੍ਹਾਂ ਕਿਹਾ ਕਿ ਜਿੱਥੇ ਕਿਤੇ ਵੀ ਲੋੜ ਪਈ ਤਾਂ ਜਲੂਸ ਵਾਲੇ ਸਕੂਲਾਂ ਨੂੰ ਵੀ ਸੁਸ਼ੋਭਿਤ ਕੀਤਾ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਵਧੀਆ ਢੰਗ ਨਾਲ ਬਣਾਇਆ ਜਾ ਸਕੇ।

ਫਿਲਹਾਲ ਕਾਨਪੁਰ ਡਿਵੈਲਪਮੈਂਟ ਅਥਾਰਟੀ ਵਲੋਂ ਆਮ ਜਨਤਾ ਦੇ ਹਿੱਤ ਚ ਕੀਤੀਆਂ ਜਾ ਰਹੀਆਂ ਤਿਆਰੀਆਂ ਦੇ ਤਹਿਤ ਜਲਦ ਹੀ ਇਨ੍ਹਾਂ ਵਿਆਹ-ਸ਼ਾਦੀਆਂ ਲਈ ਟੈਂਡਰ ਪ੍ਰਕਿਰਿਆ ਵੀ ਕਰਵਾਈ ਜਾਵੇਗੀ, ਜਿਸ ਤੋਂ ਬਾਅਦ ਜੋ ਲੋਕ ਆਪਣੇ ਸਮਾਗਮ ਕਰਵਾਉਣਾ ਚਾਹੁੰਦੇ ਹਨ, ਉਹ ਵੀ. ਮਹਿੰਗਾ ਗੈਸਟ ਹਾਊਸ ਲੈਣ ਦੇ ਸਮਰੱਥ ਅਤੇ ਸਮਰੱਥ ਨਹੀਂ ਹੈ।

# ਨਗਰ ਨਿਗਮ ਅਧਿਕਾਰੀਆਂ ਕਰਮਚਾਰੀਆਂ ਨੇ ਗੋਲ ਬਾਗ ਵਿੱਚੋਂ ਪਲਾਸਟਿਕ ਦੀ ਗੰਦਗੀ ਉਠਾਈ



ਅੰਮ੍ਰਿਤਸਰ (ਲੋਕ ਬਾਣੀ) ਨਗਰ ਨਿਗਮ ਅੰਮ੍ਰਿਤਸਰ ਦੀ ਜ਼ੋਨ ਨੋਰਥ ਵੱਲੋ ਪੀ ਐਮ ਡੀ ਸੀ ਚੰਡੀਗੜ ਵੱਲੋਂ ਉਲੀਕੇ ਪ੍ਰੋਗਰਾਮ ਤੇ ਗੁਲਪ੍ਰੀਤ ਸਿੰਘ ਕਮਿਸ਼ਨਰ ਨਗਰ ਨਿਗਮ ਦੀਆਂ ਹਦਾਇਤਾਂ ਡਾ.ਯੋਗੇਸ ਅਰੋੜਾ ਸਿਹਤ ਅਫਸਰ ਦੀ ਅਗਵਾਈ ਵਿੱਚ ਮਲਕੀਤ ਸਿੰਘ ਖਹਿਰਾ ਚੀਫ ਸੈਂਟਰੀ ਇੰਸਪੈਕਟਰ,ਹਰਿੰਦਰਪਾਲ ਸਿੰਘ ਸੈਂਟਰੀ ਇੰਸਪੈਕਟਰ ਅਤੇ ਪ੍ਰਿਅੰਕਾ ਸ਼ਰਮਾ ਸੀ ਐਫ ਅਤੇ ਤਾਜ ਹੋਟਲ ਦੇ ਮੈਡਮ ਸੋਨੀਆ ਸਮੇਤ ਸਟਾਫ ਵੱਲੋਂ ਗੋਲ ਬਾਗ ਵਿੱਚ ਪਲਾਸਟਿਕ ਪਲੋਗਿੰਗ ਕਰਕੇ ਪਲਾਸਟਿਕ ਇਕੱਠੀ ਕੀਤੀ ਗਈ ਅਤੇ ਪਬਲਿਕ ਨੂੰ ਸਾਫ ਸਫ਼ਾਈ ਵਿੱਚ ਨਗਰ ਨਿਗਮ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਕਿ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਸੈਗਰੀਗੇਸਨ ਕਰਕੇ ਗਿੱਲਾ ਕੂੜਾ ਅਲੱਗ ਨਗਰ ਨਿਗਮ ਨੂੰ ਦੇਣ ਤਾਂ ਜੋ ਗਿੱਲੇ ਕੂੜਾ ਤੋ ਖਾਦ ਤਿਆਰ ਕਰਕੇ ਕੂੜੇ ਨੂੰ ਦੁਬਾਰਾ ਵਰਤੋਂ ਵਿੱਚ ਲਿਆਂਦਾ ਜਾਵੇ ਤੇ ਕੂੜੇ ਨੂੰ ਘੱਟ ਕਰਕੇ ਵਾਤਾਵਰਨ ਨੂੰ ਦੂਸਿਤ ਹੋਣ ਤੋਂ ਬਚਾਇਆ ਜਾ ਸਕੇ ।

# ਡਿਪਟੀ ਕਮਿਸ਼ਨਰ ਵੱਲੋਂ ਗਣਤੰਤਰ ਦਿਵਸ ਅਤੇ ਆਪਣੀ ਫੌਜ ਨੂੰ ਜਾਣੋ ਸਮਾਗਮਾਂ ਦੀਆਂ ਤਿਆਰੀਆਂ ਦਾ ਜਾਇਜ਼ਾ*



ਲੁਧਿਆਣਾ, (ਸੁਖਚੈਨ ਮਹਿਰਾ) - ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਅੱਜ ਸਥਾਨਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਖੇਡ ਗਰਾਊਂਡ ਵਿੱਚ ਰਾਜ ਪੱਧਰੀ ਗਣਤੰਤਰ ਦਿਵਸ ਸਮਾਰੋਹ ਅਤੇ ਆਪਣੀ ਫੌਜ ਨੂੰ ਜਾਣੋ ਸਮਾਗਮਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।

ਪ੍ਰਸ਼ਾਸਨ ਅਤੇ ਭਾਰਤੀ ਫੌਜ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ, ਡਿਪਟੀ ਕਮਿਸ਼ਨਰ ਜੋਰਵਾਲ ਨੇ ਦੋਵਾਂ ਸਮਾਗਮਾਂ ਦੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਨੂੰ ਜ਼ਰੂਰੀ ਨਿਰਦੇਸ਼ ਦਿੱਤੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ 26 ਜਨਵਰੀ ਨੂੰ ਇੱਥੇ ਰਾਸ਼ਟਰੀ ਝੰਡਾ ਲਹਿਰਾਉਣਗੇ। ਉਨ੍ਹਾਂ ਅੱਗੇ ਕਿਹਾ ਕਿ 26 ਜਨਵਰੀ ਨੂੰ ਲੁਧਿਆਣਾ ਵਿੱਚ ਪਹਿਲੀ ਵਾਰ ਭਾਰਤੀ ਫੌਜ ਆਪਣੀ ਫੌਜ ਨੂੰ ਜਾਣੋ ਸਮਾਗਮ ਹਥਿਆਰਾਂ ਅਤੇ ਟੈਂਕਾਂ ਰਾਹੀਂ ਪ੍ਰਦਰਸ਼ਿਤ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਲੋਕ ਦੁਪਹਿਰ 1 ਵਜੇ ਤੋਂ ਸ਼ਾਮ 5 ਵਜੇ ਤੱਕ ਆਪਣੀ ਫੌਜ ਨੂੰ ਜਾਣੋ ਸਮਾਗਮ ਦੇਖਣ ਲਈ ਮੈਦਾਨ ਵਿੱਚ ਆ ਸਕਦੇ ਹਨ।

ਰਾਜ ਪੱਧਰੀ ਗਣਤੰਤਰ ਦਿਵਸ ਸਮਾਰੋਹਾਂ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ, ਡਿਪਟੀ ਕਮਿਸ਼ਨਰ ਜੋਰਵਾਲ ਨੇ ਕਿਹਾ ਕਿ ਗਣਤੰਤਰ ਦਿਵਸ ਸਮਾਰੋਹਾਂ ਦਾ ਸੂਬਾ ਪੱਧਰੀ ਸਮਾਗਮ ਹੋਣ ਕਰਕੇ, ਜ਼ਿਲ੍ਹਾ ਪ੍ਰਸ਼ਾਸਨ ਇਸਨੂੰ ਪੂਰੇ ਦੇਸ਼ ਭਗਤੀ ਦੇ ਜੋਸ਼ ਅਤੇ ਉਤਸ਼ਾਹ ਨਾਲ ਮਨਾਏਗਾ। ਉਨ੍ਹਾਂ ਜ਼ਿਕਰ ਕੀਤਾ ਕਿ ਜ਼ਿਲ੍ਹੇ ਦੀ ਹਰ ਸਾਲ ਰਾਜ ਵਿੱਚ ਸਭ ਤੋਂ ਵਧੀਆ ਗਣਤੰਤਰ ਦਿਵਸ ਸਮਾਗਮਾਂ ਦੀ ਮੇਜ਼ਬਾਨੀ ਕਰਨ ਲਈ ਪ੍ਰਸਿੱਧੀ ਹੈ, ਇਹ ਪਰੰਪਰਾ ਇਸ ਸਾਲ ਵੀ ਬਰਕਰਾਰ ਰੱਖੀ ਜਾਵੇਗੀ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਰੋਹਿਤ ਗੁਪਤਾ, ਭਾਰਤੀ ਫੌਜ ਦੇ ਅਧਿਕਾਰੀ ਅਤੇ ਹੋਰ ਸ਼ਾਮਲ ਸਨ।

# ਗੁੱਜਰ ਮਾਝਾ ਟਰੱਸਟ ਦੀ ਰਾਮ ਤੀਰਥ ਵਿਖੇ ਹੋਈ ਇਕੱਤਰਤਾ



ਅੰਮ੍ਰਿਤਸਰ , (ਲੋਕ ਬਾਣੀ) ਗੁੱਜਰ ਮਾਝਾ ਟਰੱਸਟ ਦੀ ਇੱਕ ਮੀਟਿੰਗ ਅੱਜ ਰਾਮ ਤੀਰਥ ਵਿਖੇ ਮਾਝਾ ਜੋਨ ਦੇ ਪ੍ਰਧਾਨ ਮੁਹੰਮਦ ਕਰੀਮ ਗੁੱਜਰ ਦੇ ਡੇਰੇ ਵਿੱਚ ਹੋਈ, ਜਿਸ ਵਿੱਚ ਮਾਝਾ ਜੋਨ, ਤਰਨ ਤਾਰਨ ਅਤੇ ਅੰਮ੍ਰਿਤਸਰ ਦੀਆਂ ਕਮੇਟੀਆਂ ਦੀ ਚੋਣ ਕੀਤੀ ਗਈ। ਮਾਝਾ ਜੋਨ ਦੇ ਪ੍ਰਧਾਨ ਮੁਹੰਮਦ ਕਰੀਮ ਗੁੱਜਰ ਨੇ ਆਲਮ ਗੁੱਜਰ ਨੂੰ ਉਪ ਪ੍ਰਧਾਨ, ਮੁਸ਼ਤਾਕ ਗੁੱਜਰ ਨੂੰ ਸਕੱਤਰ, ਰਾਣਾ ਗੁੱਜਰ ਨੂੰ ਸਹਾਇਕ ਸਕੱਤਰ, ਦੀਨ ਗੁੱਜਰ ਅਤੇ ਜਾਤੂ ਗੁੱਜਰ ਕਮੇਟੀ ਮੈਂਬਰ ਚੁਣੇ ਗਏ। ਅੰਮ੍ਰਿਤਸਰ ਕਮੇਟੀ ਦੇ ਪ੍ਰਧਾਨ ਦੀਨ ਗੁੱਜਰ ਚੁਣੇ ਗਏ, ਬਾਕੀ ਅਹੁਦੇਦਾਰਾਂ ਦੀ ਚੋਣ ਬਾਅਦ ਵਿੱਚ ਕੀਤੀ ਜਾਵੇਗੀ। ਜ਼ਿਲ੍ਹਾ ਤਰਨ ਤਰਨ ਦੀ ਕਮੇਟੀ ਦੇ ਪ੍ਰਧਾਨ ਦੀਨ ਮੁਹੰਮਦ, ਉਪ ਪ੍ਰਧਾਨ ਅਲੀ ਮੁਹੰਮਦ, ਸਕੱਤਰ ਅਲੀ ਗੁੱਜਰ, ਖਜਾਨਚੀ ਮੀਆਂ ਗੁੱਜਰ, ਸਹਾਇਕ ਸਕੱਤਰ ਫਰਮਾਨ ਦੀਨ ਦੇ ਨਾਲ ਫਰਮਾਨ ਅਲੀ, ਪੱਪੂ ਗੁੱਜਰ, ਮੱਖਣ ਗੁੱਜਰ, ਮਾਮੂ ਹੁਸੈਨ, ਸਾਦਿਕ ਗੁੱਜਰ ਅਤੇ ਸੈਦੂ ਕਮੇਟੀ ਦੇ ਮੈਂਬਰ ਚੁਣੇ ਗਏ। ਮਾਝਾ ਜੋਨ ਦੇ ਪ੍ਰਧਾਨ ਕਰੀਮ ਗੁੱਜਰ ਨੇ ਕਿਹਾ ਕਿ ਗੁੱਜਰ ਭਾਈਚਾਰੇ ਦੀਆਂ ਬਹੁਤ ਸਾਰੀਆਂ ਮੁਸ਼ਕਿਲਾਂ ਹਨ, ਜਿਨਾਂ ਵੱਲ ਸਰਕਾਰ ਵੱਲੋਂ ਕੋਈ ਬਹੁਤਾ ਗੌਰ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਗੁੱਜਰਾਂ ਨੂੰ ਸਭ ਤੋਂ ਵੱਡੀ ਸਮੱਸਿਆ ਇਸ ਵੇਲੇ ਕਬਰਸਤਾਨਾਂ ਦੀ ਆ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਵੱਖ-ਵੱਖ ਇਲਾਕਿਆਂ ਵਿੱਚ ਕਬਰਿਸਤਾਨ ਬਣਾਏ ਜਾਣ ਅਤੇ ਗੁੱਜਰ ਭਾਈਚਾਰੇ ਦੇ ਆਧਾਰ ਕਾਰਡ ਦਿੱਤੇ ਜਾਣ।

# ਗਣਤੰਤਰ ਦਿਵਸ ਸਬੰਧੀ ਹੋਈ ਫੁੱਲ ਡਰੈਸ ਰਿਹਰਸਲ-ਵਧੀਕ ਡਿਪਟੀ ਕਮਿਸ਼ਨਰ ਨੇ ਲਹਿਰਾਇਆ ਤਿਰੰਗਾ




ਫ਼ਗਵਾੜਾ (ਸੁਸ਼ੀਲ ਸ਼ਰਮਾ) ਗਣਤੰਤਰ ਦਿਵਸ ਮੌਕੇ ਗੁਰੂ ਨਾਨਕ ਸਟੇਡੀਅਮ ਵਿਖੇ ਹੋਣ ਵਾਲੇ ਜਿਲ੍ਹਾ ਪੱਧਰੀ ਸਮਾਗਮ ਲਈ ਅੱਜ ਫੁੱਲ ਡਰੈਸ ਰਿਹਰਸਲ ਹੋਈ ਜਿਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ( ਜਨਰਲ) ਨਵਨੀਤ ਕੌਰ ਬੱਲ ਵਲੋਂ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਉਨ੍ਹਾਂ ਜਿੱਥੇ ਪਰੇਡ ਦਾ ਨਿਰੀਖਣ ਕੀਤਾ ਉੱਥੇ ਹੀ ਮਾਰਚ ਪਾਸਟ ਤੋਂ ਸਲਾਮੀ ਵੀ ਲਈ। ਇਸ ਮੌਕੇ ਡੀ.ਐਸ.ਪੀ.ਦੀਪਕਰਨ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਿਸ,ਐਨ.ਸੀ.ਸੀ.ਤੇ ਹੋਰਨਾਂ ਸੁਰੱਖਿਆ ਦਸਤਿਆਂ ਦੀਆਂ ਟੁਕੜੀਆਂ ਵਲੋਂ ਮਾਰਚ ਪਾਸਟ ਵਿਚ ਹਿੱਸਾ ਲਿਆ ਗਿਆ। ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਵਿਦਿਆਰਥਣਾਂ ਵਲੋਂ ਦੇਸ਼ ਭਗਤੀ ਦੇ ਰੰਗ ਵਿਚ ਰੰਗਿਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।

ਪੰਜਾਬ ਸਰਕਾਰ ਦੇ ਵਿਕਾਸ ਤੇ ਲੋਕ ਭਲਾਈ ਯੋਜਨਾਵਾਂ ਨੂੰ ਦਰਸਾਉਂਦੀਆਂ ਵੱਖ-ਵੱਖ ਵਿਭਾਗਾਂ ਵਲੋਂ 8 ਝਾਕੀਆਂ ਵੀ ਪੇਸ਼ ਕੀਤੀਆਂ ਗਈਆਂ। ਫੁੱਲ ਡਰੈਸ ਰਿਹਰਸਲ ਉਪਰੰਤ ਸਮੂਹ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਲ੍ਹਾ ਪੱਧਰੀ ਸਮਾਗਮ ਲਈ ਸਾਰੇ ਅਧਿਕਾਰੀ ਤੇ ਕਰਮਚਾਰੀ ਪੂਰੀ ਤਨਦੇਹੀ ਨਾਲ ਡਿਊਟੀ ਨਿਭਾਉਣ ਕਿਉਂ ਕਿ ਇਸ ਰਾਸ਼ਟਰੀ ਤਿਉਹਾਰ ਮੌਕੇ ਸੰਵਿਧਾਨ ਲਾਗੂ ਹੋਣ ਉਪਰੰਤ ਸਾਨੂੰ ਸਾਡੇ ਅਧਿਕਾਰ ਪ੍ਰਾਪਤ ਹੋਏ ਸਨ।

ਉਨ੍ਹਾਂ ਮੌਕੇ ਉੱਪਰ ਆਵਾਜਾਈ, ਪ੍ਰਮੁੱਖ ਸ਼ਖਸ਼ੀਅਤਾਂ ਦੇ ਬੈਠਣ, ਆਜਾਦੀ ਘੁਲਾਟੀਆਂ ਦੇ ਪਰਿਵਾਰਾਂ ਦੇ ਸਨਮਾਨ ਆਦਿ ਦਾ ਵੀ ਜਾਇਜ਼ਾ ਲਿਆ। ਇਸ ਮੌਕੇ ਐਸ.ਪੀ.ਗੁਰਪ੍ਰੀਤ ਸਿੰਘ,ਐਸ.ਡੀ. ਐਮ.ਮੇਜਰ ਇਰਵਿਨ ਕੌਰ ਤੇ ਸਮੂਹ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪੀ ਐਚ ਸੀ ਫਤਿਹਗੜ੍ਹ ਪੰਜਗਰਾਈਆਂ ਵਿਖੇ ਵੋਟਰ ਦਿਵਸ ਮਨਾਇਆ



ਸ਼ੇਰਪੁਰ, ( ਹਰਜੀਤ ਸਿੰਘ ਕਾਤਿਲ ) - ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ, ਅਤੇ ਸਿਵਲ ਸਰਜਨ ਸੰਗਰੂਰ ਡਾ. ਅੰਜੂ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜੀ ਐੱਸ ਭਿੰਡਰ ਦੀ ਅਗਵਾਈ ਵਿੱਚ ਪੀ ਐਚ ਸੀ ਫਤਿਹਗੜ੍ਹ ਪੰਜਗਰਾਈਆਂ ਵਿਖੇ ਵੋਟਰ ਦਿਵਸ ਮੌਕੇ ਸਮੂਹ ਕਰਮਚਾਰੀਆ ਅਤੇ ਆਮ ਲੋਕਾਂ ਤੋਂ ਪ੍ਰਣ ਕਰਵਾਇਆ ਗਿਆ ਕਿ ਉਹ ਆਪਣੇ ਦੇਸ਼ ਦੇ ਹਿੱਤ ਨੂੰ ਧਿਆਨ ਵਿੱਚ ਰੱਖਣ। ਲੋਕਤੰਤਰ ਦੀ ਸ਼ਕਤੀ ਵਿੱਚ ਵਾਧਾ ਕਰਨ ਲਈ ਆਪਣੀ ਵੋਟ ਦੀ ਵਰਤੋਂ ਕਰਨ ਤਾਂ ਜੋ ਲੋਕਤੰਤਰੀ ਪ੍ਰੰਪਰਾਵਾਂ ਕਾਇਮ ਰੱਖੀਆਂ ਜਾਣ।ਸੁਤੰਤਰ, ਨਿਰਪੱਖ ਅਤੇ ਸ਼ਾਂਤੀਮਈ ਚੋਣਾਂ ਹੋ ਸਕਣ। ਲੋਕ ਨਿੱਡਰ ਹੋ ਕੇ, ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਜਾਂ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨਾਂ ਸਾਰੀਆਂ ਚੋਣਾਂ ਵਿਚ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ। ਇਸ ਮੌਕੇ ਸਮੂਹ ਸਟਾਫ ਪੀ ਐਚ ਸੀ ਫਤਹਿਗੜ ਪੰਜਗਰਾਈਂ ਅਤੇ ਆਮ ਲੋਕ ਹਾਜ਼ਰ ਰਹੇ

# ਇਬਾਦਤ ਕੌਰ ਸੋਹੀ ਦੇ ਪਹਿਲੇ ਜਨਮ ਦਿਨ ਮੌਕੇ ਕਰਵਾਏ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਅਤੇ ਵੰਡੇ ਬੂਟੇ

ਸ਼ੇਰਪੁਰ, (ਲੋਕ ਬਾਣੀ) - ਨੇੜਲੇ ਪਿੰਡ ਫਰੀਦਪੁਰ ਕਲਾਂ ਵਿਖੇ ਸ੍ਰ ਲਛਮਣ ਸਿੰਘ ਸੋਹੀ , ਦਾਦਾ ਸ੍ਰ ਇੰਦਰਜੀਤ ਸਿੰਘ ਸੋਹੀ ਅਤੇ ਦਾਦੀ ਨਰਿੰਦਰ ਕੌਰ ਦੇ ਪਰਿਵਾਰ ਵੱਲੋਂ ਆਪਣੀ ਬੇਟੀ ਇਬਾਦਤ ਕੌਰ ਸੋਹੀ ਕੈਨੇਡੀਅਨ ਦੇ ਪਹਿਲੇ ਜਨਮ ਦਿਨ ਮੌਕੇ ਸ਼ਹੀਦ ਬਾਬਾ ਭਾਗ ਸਿੰਘ ਥਿੰਦ ਜੀ ਦੇ ਅਸਥਾਨ ਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ ਅਤੇ ਭੋਗ ਉਪਰੰਤ ਛਾਂਦਾਰ , ਫ਼ਲਦਾਰ ਬੂਟੇ ਵੰਡੇ ਗਏ । ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਬਾਦਤ ਕੌਰ ਸੋਹੀ ਦੇ ਪਿਤਾ ਪ੍ਰਸਿੱਧ ਸਪੋਰਟਸਮੈਨ ਪਰਮਿੰਦਰ ਸਿੰਘ ਸੋਹੀ ਅਤੇ ਅਰਸ਼ਦੀਪ ਕੌਰ ਨੇ ਕਿਹਾ ਅੱਜ ਹਵਾ, ਧਰਤ ਅਤੇ ਪਾਣੀ ਨੂੰ ਬਚਾਉਣ ਦੇ ਲਈ ਮਨੁੱਖ ਨੂੰ ਆਪਣਾ ਰਹਿਣ ਸਹਿਣ ਬਦਲਣਾ ਪਵੇਗਾ, ਨਹੀਂ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਕਦੇ ਵੀ ਮੁਆਫ਼ ਨਹੀਂ ਕਰਨਗੀਆਂ। ਉਨ੍ਹਾਂ ਕਿਹਾ ਕਿ ਜੇ ਵਾਤਾਵਰਨ ਨੂੰ ਸਾਫ਼ ਰੱਖਿਆ ਜਾਵੇਗਾ , ਧੀਆਂ ਨੂੰ ਕੁੱਖਾਂ ਵਿੱਚ ਕਤਲ ਕਰਨ ਤੋਂ ਬਚਾਇਆ ਜਾਵੇਗਾ ਤਾਂ ਹੀ ਇਸ ਧਰਤੀ ਉੱਤੇ ਮਨੁੱਖੀ ਜਨਜੀਵਨ ਅਤੇ ਹੋਰ ਪ੍ਰਜਾਤੀਆਂ ਬਚ ਸਕਣਗੀਆਂ ,ਕੋਰੋਨਾ ਕਾਲ ਦੌਰਾਨ ਆਪਾਂ ਸਭ ਨੇ ਦੇਖਿਆ ਹੈ ਕਿ ਦਰੱਖਤਾਂ ਦੇ ਘਟ ਜਾਣ ਕਾਰਨ ਆਕਸੀਜਨ ਦੀ ਵੀ ਬਹੁਤ ਵੱਡੀ ਕਮੀ ਮਹਿਸੂਸ ਕੀਤੀ ਗਈ , ਇਸ ਲਈ ਬੂਟੇ ਲਗਾਉਣਾ ਬਹੁਤ ਹੀ ਜ਼ਰੂਰੀ ਹੋ ਗਿਆ ਹੈ । ਰੁੱਖਾਂ ਦਾ ਸਾਡੇ ਵਾਤਾਵਰਣ ਨੂੰ ਬਚਾਉਣ ਵਿੱਚ ਬਹੁਤ ਵਡਮੁੱਲਾ ਯੋਗਦਾਨ ਹੁੰਦਾ ਹੈ।ਮਨੁੱਖ ਦੇ ਜਨਮ ਤੋਂ ਮਰਨ ਤੱਕ ਦੇ ਹਰ ਪੜਾਅ ਤੇ ਗੁਰੂ ਦਾ ਨਾਮੁ ਤੇ ਰੁੱਖ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਧੀਆਂ ਦਾ ਅੱਜ ਸਮਾਜ ਵਿੱਚ ਵੱਡਾ ਯੋਗਦਾਨ ਹੈ ਅਤੇ ਧੀਆਂ ਹਰ ਖੇਤਰ ਵਿੱਚ ਮੁੰਡਿਆਂ ਨਾਲੋਂ ਅੱਗੇ ਵੱਧ ਕੇ ਕੰਮ ਕਾਜ ਕਰ ਰਹੀਆਂ ਹਨ ਸਾਨੂੰ ਧੀਆਂ ਦੀਆਂ ਲੋਹੜੀਆਂ, ਧੀਆਂ ਦੇ ਜਨਮ ਦਿਨ ਮੁੰਡਿਆਂ ਵਾਂਗ ਖੁਸ਼ੀ ਖੁਸ਼ੀ ਮਨਾਉਣੇ ਚਾਹੀਦੇ ਹਨ। ਇਥੇ ਇਹ ਵੀ ਜ਼ਿਕਰਯੋਗ ਹੈ ਕਿ ਇਬਾਦਤ ਕੌਰ ਸੋਹੀ ਆਪਣੀਆਂ ਨਨ੍ਹੀਆਂ ਮੁੰਨੀਆਂ ਸ਼ਰਾਰਤਾਂ ਖੇਡਾਂ ਰਾਹੀਂ ਇੰਸ਼ਟਾਗਰਾਮ ਉੱਤੇ ਆਪਣੇ ਚਹੇਤਿਆਂ ਦੀ ਹਰਮਨ ਪਿਆਰੀ ਬਣੀ ਹੋਈ ਹੈ ।





# ਕੈਪਸ਼ਨ




ਸ੍ਰੀ ਪ੍ਰਭਜੋਤ ਸਿੰਘ ਵਿਰਕ ਮਾਨਯੋਗ ਏ.ਡੀ.ਸੀ.ਪੀ.-4 ਲੁਧਿਆਣਾ ਅਤੇ ਸ੍ਰੀ ਸੁਮਿਤ ਸੂਦ ਏ.ਸੀ.ਪੀ. ਪੂਰਬੀ ਲੁਧਿਆਣਾ ਜੀ ਵੱਲੋ ਰੀਡਰ ਸੁਰਿੰਦਰ ਸਿੰਘ ਨੂੰ ਤਰੱਕੀ ਮਿਲਣ ਉਪਰੰਤ ਏ.ਐਸ.ਆਈ. ਦਾ ਸਟਾਰ ਲਗਾਉਦੇ ਹੋਏ। (ਫੋਟੋ ਤੇ ਵੇਰਵਾ :ਵਰਿੰਦਰ ਪ੍ਰਕਾਸ਼ ਭਾਂਬਰੀ)

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in



St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565